ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਐਤਵਾਰ, 22 ਫਰਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੧੧ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਪੰਜਾਬ ’ਚ 8 ਮਾਰਚ ਨੂੰ ਆਵੇਗਾ, ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਵੱਡਾ ਐਲਾਨ

**ਚੰਡੀਗੜ੍ਹ, 21 ਫਰਵਰੀ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਸਰਕਾਰ 8 ਮਾਰਚ ਨੂੰ ਵਿਧਾਨ ਸਭਾ ਵਿੱਚ ਆਪਣਾ ਬਜਟ ਪੇਸ਼ ਕਰੇਗੀ। ਮੁੱਖ ਮੰਤਰੀ ਭਗਵੰਤ ਮਾਨ ਨੇ ਗੁਜਰਾਤ ਦੌਰੇ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇਹ ਐਲਾਨ ਕੀਤਾ।



ਮਾਨ ਨੇ ਸਪੱਸ਼ਟ ਕੀਤਾ ਕਿ ਪੰਜਾਬ ਸਰਕਾਰ ਇਸ ਵਾਰ ਕੋਈ ਨਵਾਂ ਟੈਕਸ ਨਹੀਂ ਲਗਾਏਗੀ ਅਤੇ ਨਾ ਹੀ ਟੈਕਸ ਦਰਾਂ ਵਧਾਏਗੀ। ਮੁੱਖ ਮੰਤਰੀ ਭਗਵੰਤ ਮਾਨ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਨਾਲ ਗੁਜਰਾਤ ਦੌਰੇ ’ਤੇ ਹਨ। ਗੁਜਰਾਤ ਵਿੱਚ, ਆਮ ਆਦਮੀ ਪਾਰਟੀ ਰਾਸ਼ਟਰੀ ਬਜਟ ਅਤੇ ਗੁਜਰਾਤ ਬਜਟ ’ਤੇ ਚਰਚਾ ਕਰਨ ਲਈ ਵੱਖ-ਵੱਖ ਸ਼ਹਿਰਾਂ ਵਿੱਚ ਪ੍ਰੋਗਰਾਮ ਆਯੋਜਿਤ ਕਰ ਰਹੀ ਹੈ। ਭਗਵੰਤ ਮਾਨ ਨੇ ਕਿਹਾ ਕਿ ਰਾਸ਼ਟਰੀ ਬਜਟ ਅਤੇ ਗੁਜਰਾਤ ਬਜਟ ਇੱਕੋ ਜਿਹੇ ਹਨ। ਇਸ ਵਿੱਚ ਆਮ ਲੋਕਾਂ, ਕਿਸਾਨਾਂ, ਗਰੀਬਾਂ, ਔਰਤਾਂ, ਛੋਟੇ ਕਾਰੋਬਾਰੀਆਂ ਅਤੇ ਦੁਕਾਨਦਾਰਾਂ ਲਈ ਕੁਝ ਵੀ ਨਹੀਂ ਹੈ। ਇਹ ਸਿਰਫ਼ ਕੁਝ ਵੱਡੇ ਘਰਾਂ ਲਈ ਹੈ।

## ਲਾਲ ਕਿਲ੍ਹਾ ਅਤੇ ਚਾਂਦਨੀ ਚੌਕ ਨਿਸ਼ਾਨੇ ’ਤੇ

# ਦਿੱਲੀ ’ਚ ਅੱਤਵਾਦੀ ਹਮਲੇ ਦਾ ਅਲਰਟ



**ਨਵੀਂ ਦਿੱਲੀ, 21 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਰਾਜਧਾਨੀ ਦਿੱਲੀ ’ਚ ਅੱਤਵਾਦੀ ਹਮਲੇ ਦਾ ਅਲਰਟ ਜਾਰੀ ਕੀਤਾ ਗਿਆ ਹੈ। ਸੁਰੱਖਿਆ ਏਜੰਸੀਆਂ ਨੂੰ ਸੂਚਨਾ ਮਿਲੀ ਹੈ ਕਿ ਲਸ਼ਕਰ-ਏ-ਤੋਇਬਾ ਲਾਲ ਕਿਲ੍ਹੇ ਦੇ ਸਾਹਮਣੇ ਧਮਾਕੇ ਦੀ ਯੋਜਨਾ ਬਣਾ ਰਿਹਾ ਹੈ। ਇਸ ਅਲਰਟ ਤੋਂ ਬਾਅਦ ਦਿੱਲੀ ਪੁਲਿਸ ਹਰਕਤ ਵਿੱਚ ਆ ਗਈ ਹੈ ਅਤੇ ਲਾਲ ਕਿਲ੍ਹੇ ਸਮੇਤ ਮੰਦਰਾਂ ਦੇ ਆਲੇ-ਦੁਆਲੇ ਸੁਰੱਖਿਆ ਵਧਾ ਦਿੱਤੀ ਹੈ। ਖੁਫੀਆ ਜਾਣਕਾਰੀ ਅਨੁਸਾਰ ਪਾਕਿਸਤਾਨ ਸਥਿਤ ਅੱਤਵਾਦੀ ਸੰਗਠਨ ਲਸ਼ਕਰ-ਏ-ਤੋਇਬਾ (ਐਲਈਟੀ) ਰਾਜਧਾਨੀ ਵਿੱਚ 954 (ਇੰਪ੍ਰੋਵਾਈਜ਼ਡ ਐਕਸਪਲੋਸਿਵ ਡਿਵਾਈਸ) ਦੀ ਵਰਤੋਂ ਕਰਕੇ ਇੱਕ ਵੱਡੇ ਹਮਲੇ ਦੀ ਯੋਜਨਾ ਬਣਾ ਰਿਹਾ ਹੈ। ਦੱਸਿਆ ਜਾ ਰਿਹਾ ਹੈ ਕਿ ਦੇਸ਼ ਦੇ ਕਈ ਧਾਰਮਿਕ ਸਥਾਨ, ਜਿਨ੍ਹਾਂ ਵਿੱਚ ਚਾਂਦਨੀ ਚੌਕ ਨੇੜੇ ਸਥਿਤ ਮੰਦਰ ਵੀ ਸ਼ਾਮਲ ਹੈ, ਅੱਤਵਾਦੀਆਂ ਦੇ ਨਿਸ਼ਾਨੇ ’ਤੇ ਹਨ। ਭੀੜ-ਭੜੱਕੇ ਵਾਲੇ ਖੇਤਰਾਂ ਅਤੇ ਧਾਰਮਿਕ ਸਥਾਨਾਂ ਨੂੰ ਖਾਸ ਤੌਰ ’ਤੇ ਨਿਸ਼ਾਨਾ ਬਣਾਏ ਜਾਣ ਦੀ ਸੰਭਾਵਨਾ ਜਤਾਈ ਗਈ ਹੈ। ਇਨਪੁਟਸ ਦੇ ਅਨੁਸਾਰ ਪੁਰਾਣੀ ਦਿੱਲੀ ਦੇ ਸੰਵੇਦਨਸ਼ੀਲ ਖੇਤਰ, ਜਿਸ ਵਿੱਚ ਲਾਲ ਕਿਲ੍ਹਾ ਅਤੇ ਚਾਂਦਨੀ ਚੌਕ ਸ਼ਾਮਲ ਹਨ, ਸੰਭਾਵੀ ਨਿਸ਼ਾਨਾ ਹੋ ਸਕਦੇ ਹਨ। ਮੰਦਰਾਂ ਨੂੰ ਵੀ ਨਿਸ਼ਾਨਾ ਬਣਾਇਆ ਗਿਆ ਹੈ, ਜਿਸ ਕਾਰਨ ਸੁਰੱਖਿਆ ਏਜੰਸੀਆਂ ਨੂੰ ਚੌਕਸ ਰਹਿਣ ਦੀ ਲੋੜ ਹੈ। ਇਹ ਸਥਾਨ ਰੋਜ਼ਾਨਾ ਵੱਡੀ ਭੀੜ ਨੂੰ ਆਕਰਸ਼ਿਤ ਕਰਦੇ ਹਨ, ਇਸ ਲਈ ਪ੍ਰਸ਼ਾਸਨ ਸਖ਼ਤ ਕਦਮ ਚੁੱਕ ਰਿਹਾ ਹੈ। ਦੱਸ ਦੇਈਏ ਕਿ ਪਿਛਲੇ ਸਾਲ ਹੀ 10 ਨਵੰਬਰ 2025 ਨੂੰ ਦਿੱਲੀ ਦੇ ਲਾਲ ਕਿਲ੍ਹੇ ਦੇ ਨੇੜੇ ਇੱਕ ਅੱਤਵਾਦੀ ਧਮਾਕਾ ਹੋਇਆ ਸੀ, ਜਿਸ ਵਿੱਚ 10 ਤੋਂ ਵੱਧ ਲੋਕ ਮਾਰੇ ਗਏ ਸਨ। ਇਸ ਅੱਤਵਾਦੀ ਹਮਲੇ ਵਿੱਚ 25 ਤੋਂ ਵੱਧ ਲੋਕ ਜ਼ਖਮੀ ਹੋਏ ਸਨ।

## ਦਿੱਲੀ ਹਮਲੇ ਦੀ ਚਿਤਾਵਨੀ ਮਗਰੋਂ ਪੰਜਾਬ ਤੇ ਜੰਮੂ-ਕਸ਼ਮੀਰ ’ਚ ਦੋ IED ਬਰਾਮਦ; ਵੱਡੀ ਅੱਤਵਾਦੀ ਸਾਜਿਸ਼ ਨਾਕਾਮ

**ਚੰਡੀਗੜ੍ਹ/ਸ੍ਰੀਨਗਰ, 21 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਦੇ ਰਈਆ ਪੁਲਿਸ ਚੌਕੀ ਨੂੰ ਸ਼ੁੱਕਰਵਾਰ ਦੇਰ ਰਾਤ IED (ਇੰਪਰੋਵਾਈਜ਼ਡ ਐਕਸਪਲੋਸਿਵ ਡਿਵਾਈਸ) ਲਗਾ ਕੇ ਉਡਾਉਣ ਦੀ ਕੋਸ਼ਿਸ਼ ਕੀਤੀ ਗਈ ਹੈ। ਹਾਲਾਂਕਿ, ਪੁਲਿਸ ਨੇ ਸਮਾਂ ਰਹਿੰਦਿਆਂ ਇਸ ਵਿਸਫੋਟਕ ਦਾ ਪਤਾ ਲਗਾ ਕੇ ਇਸ ਨੂੰ ਬਰਾਮਦ ਕਰ ਲਿਆ ਅਤੇ ਵੱਡੇ ਹਾਦਸੇ ਤੋਂ ਬਚਾਅ ਹੋ ਗਿਆ। ਖੁਸ਼ਿਕਸਮਤੀ ਨਾਲ ਇਸ ਘਟਨਾ ਵਿੱਚ ਕੋਈ ਜ਼ਖ਼ਮੀ ਨਹੀਂ ਹੋਇਆ ਹੈ। ਆਈ.ਈ.ਡੀ. ਮਿਲਣ ਤੋਂ ਤੁਰੰਤ ਬਾਅਦ ਸੁਰੱਖਿਆ ਬਲਾਂ ਨੇ ਇਲਾਕੇ ਨੂੰ ਸੀਲ ਕਰ ਦਿੱਤਾ ਅਤੇ ਬੰਬ ਨਿਰੋਧਕ ਦਸਤੇ ਨੂੰ ਬੁਲਾਇਆ ਗਿਆ। ਪੁਲਿਸ ਅਧਿਕਾਰੀਆਂ ਨੇ ਇਸ ਸਾਜ਼ਿਸ਼ ਪਿੱਛੇ ਸ਼ਾਮਲ ਅਣਪਛਾਤੇ ਵਿਅਕਤੀਆਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰਨ ਲਈ ਵੱਡੇ ਪੱਧਰ ’ਤੇ ਜਾਂਚ ਮੁਹਿੰਮ ਸ਼ੁਰੂ ਕਰ ਦਿੱਤੀ ਹੈ। ਮਿਲੀ ਜਾਣਕਾਰੀ ਮੁਤਾਬਕ ਪੁਲਿਸ ਨੂੰ ਦੇਰ ਰਾਤ ਇਸ ਸਬੰਧੀ ਸੂਚਨਾ ਮਿਲੀ, ਜਿਸ ਤੋਂ ਬਾਅਦ ਬੰਬ ਨਿਰੋਧਕ ਦਸਤਾ ਤੁਰੰਤ ਮੌਕੇ ‘ਤੇ ਪਹੁੰਚਿਆ ਅਤੇ ਆਈਈਡੀ ਨੂੰ ਸੁਰੱਖਿਅਤ ਢੰਗ ਨਾਲ ਨਿਸ਼ਕ੍ਰਿਆ ਕਰ ਦਿੱਤਾ ਗਿਆ। ਇਸ ਕਾਰਵਾਈ ਨਾਲ ਸੰਭਾਵਿਤ ਵੱਡੇ ਨੁਕਸਾਨ ਤੋਂ ਬਚਾਅ ਹੋ ਗਿਆ। ਇਸ ਘਟਨਾ ਤੋਂ ਬਾਅਦ ਪੂਰੇ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਹੈ। ਪੁਲਿਸ ਅਤੇ ਖੁਫੀਆ ਏਜੰਸੀਆਂ ਹਾਈ ਅਲਰਟ ’ਤੇ ਹਨ। ਪੁਲਿਸ ਵੱਲੋਂ ਆਲੇ-ਦੁਆਲੇ ਦੇ ਇਲਾਕਿਆਂ ਦੀ CCTV ਫੁਟੇਜ ਖੰਗਾਲੀ ਜਾ ਰਹੀ ਹੈ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਇਹ ਵਿਸਫੋਟਕ ਸਮਗਰੀ ਉੱਥੇ ਕਿਸ ਨੇ ਅਤੇ ਕਦੋਂ ਰੱਖੀ। ਦੂਜੇ ਪਾਸੇ ਪਿਛਲੇ ਕੁਝ ਦਿਨਾਂ ਵਿੱਚ ਜੰਮੂ-ਕਸ਼ਮੀਰ ਵਿੱਚ ਕਈ ਥਾਵਾਂ ’ਤੇ ਆਈਈਡੀ ਮਿਲੇ ਹਨ। ਸ਼ਨੀਵਾਰ ਨੂੰ, ਗੰਦਰਬਲ ਵਿੱਚ ਸੜਕ ਕਿਨਾਰੇ ਇੱਕ ਬੈਗ ਵਿੱਚ ਇੱਕ ਆਈਈਡੀ ਮਿਲਿਆ। ਜਾਣਕਾਰੀ ਮਿਲਣ ਤੋਂ ਬਾਅਦ, ਬੰਬ ਨਿਰੋਧਕ ਦਸਤੇ ਨੂੰ ਤੁਰੰਤ ਬੁਲਾਇਆ ਗਿਆ ਅਤੇ ਡਿਵਾਈਸ ਨੂੰ ਡਿਫਿਊਜ਼ ਕਰ ਦਿੱਤਾ ਗਿਆ। ਫੌਜ ਦਾ ਕਹਿਣਾ ਹੈ ਕਿ ਇਹ ਅੱਤਵਾਦੀਆਂ ਦੀ ਸਾਜ਼ਿਸ਼ ਹੈ। ਘਾਟੀ ਵਿੱਚ ਸੁਰੱਖਿਆ ਬਲਾਂ ਅਤੇ ਚੌਕਸ ਏਜੰਸੀਆਂ ਦੀ ਚੌਕਸੀ ਕਾਰਨ ਕਈ ਘਟਨਾਵਾਂ ਨੂੰ ਟਾਲਿਆ ਗਿਆ ਹੈ।

## ਸ੍ਰੀਨਗਰ ’ਚ ਨਹਿਰ ’ਚ ਡਿੱਗੀ ਸੀਆਰਪੀਐਫ ਦੀ ਬੱਸ, 7 ਜਵਾਨ ਜ਼ਖਮੀ



**ਸ੍ਰੀਨਗਰ, 21 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਜੰਮੂ-ਕਸ਼ਮੀਰ ਦੀ ਗਰਮੀਆਂ ਦੀ ਰਾਜਧਾਨੀ ਸ੍ਰੀਨਗਰ ਦੇ ਬਾਹਰਵਾਰ ਸ਼ਨੀਵਾਰ ਨੂੰ ਇੱਕ ਵੱਡਾ ਸੜਕ ਹਾਦਸਾ ਵਾਪਰਿਆ। ਮਿਲੀ ਜਾਣਕਾਰੀ ਮੁਤਾਬਿਕ ਕੇਂਦਰੀ ਰਿਜ਼ਰਵ ਪੁਲਿਸ ਫੋਰਸ ਦਾ ਇੱਕ ਬੁਲੇਟਪਰੂਫ ਬੰਕਰ ਵਾਹਨ ਨਹਿਰ ’ਚ ਡਿੱਗ ਗਿਆ। ਇਸ ਹਾਦਸੇ ’ਚ 7 ਸੀਆਰਪੀਐਫ ਜਵਾਨ ਵੀ ਜ਼ਖਮੀ ਹੋ ਗਏ। ਸ਼ੁਰੂਆਤੀ ਜਾਂਚ ’ਚ ਸਾਹਮਣੇ ਆਇਆ ਹੈ ਕਿ ਜਿਸ ਵਾਹਨ ’ਚ ਜਵਾਨ ਸਵਾਰ ਸੀ ਉਹ ਆਪਣਾ ਕੰਟਰੋਲ ਗੁਆ ਬੈਠਾ ਸੀ।

ਅਧਿਕਾਰੀਆਂ ਅਨੁਸਾਰ ਇਹ ਹਾਦਸਾ ਉਸ ਸਮੇਂ ਵਾਪਰਿਆ ਜਦੋਂ ਸੀਆਰਪੀਐਫ ਵਾਹਨ ਡਗਪੋਰਾ ਰੋਡ ਤੋਂ ਲੰਘ ਰਿਹਾ ਸੀ। ਡਰਾਈਵਰ ਨੇ ਅਚਾਨਕ ਆਪਣਾ ਕੰਟਰੋਲ ਗੁਆ ਦਿੱਤਾ, ਜਿਸ ਕਾਰਨ ਬੁਲੇਟਪਰੂਫ ਬੰਕਰ ਸੜਕ ਤੋਂ ਖਿਸਕ ਗਿਆ ਅਤੇ ਨੇੜੇ ਦੀ ਨਹਿਰ ਵਿੱਚ ਪਲਟ ਗਿਆ। ਘਟਨਾ ਤੋਂ ਤੁਰੰਤ ਬਾਅਦ, ਸਥਾਨਕ ਲੋਕਾਂ ਅਤੇ ਪ੍ਰਸ਼ਾਸਨ ਨੇ ਬਚਾਅ ਕਾਰਜ ਸ਼ੁਰੂ ਕਰ ਦਿੱਤਾ। ਘਟਨਾ ਤੋਂ ਤੁਰੰਤ ਬਾਅਦ ਸਾਰੇ ਜ਼ਖਮੀ ਜਵਾਨਾਂ ਨੂੰ ਇਲਾਜ ਲਈ ਸ਼ੇਰ-ਏ-ਕਸ਼ਮੀਰ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਸੌਰਾ ਲਿਜਾਇਆ ਗਿਆ। ਮੈਡੀਕਲ ਅਧਿਕਾਰੀਆਂ ਦੇ ਅਨੁਸਾਰ, ਸਾਰੇ ਸੈਨਿਕਾਂ ਨੂੰ ਸੱਟਾਂ ਲੱਗੀਆਂ ਹਨ, ਪਰ ਉਨ੍ਹਾਂ ਦੀ ਹਾਲਤ ਇਸ ਸਮੇਂ ਸਥਿਰ ਹੈ।

**ਜ਼ਖਮੀ ਜਵਾਨਾਂ ਦੀ ਸੂਚੀ**

ਨਰਿੰਦਰ ਸਿੰਘ (36 ਸਾਲ)
ਅਜੀਤ ਕੁਮਾਰ ਰਾਮ (36 ਸਾਲ)
ਰਾਜ ਕਿਸ਼ੋਰ ਰਾਏ (40 ਸਾਲ)
ਅਮਿਤ ਕੁਮਾਰ ਯਾਦਵ (38 ਸਾਲ)
ਰਾਜਧਨ ਰਾਮ (55 ਸਾਲ)
ਮਨਕਰ ਕੁਮਾਰ (40 ਸਾਲ)
ਨੀਰਜ ਕੁਮਾਰ (45 ਸਾਲ)

## ਹੋਲਾ-ਮਹੱਲਾ ਨੂੰ ਲੈ ਕੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਸਿੱਖ ਕੌਮ ਦੇ ਨਾਮ ਜਾਰੀ ਕੀਤਾ ਸੰਦੇਸ਼

**ਸ੍ਰੀ ਅਨੰਦਪੁਰ ਸਾਹਿਬ, 21 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਿੱਖ ਕੌਮ ਦੇ ਨਾਮ ਸੰਦੇਸ਼ ਜਾਰੀ ਕਰਦਿਆਂ ਕਿਹਾ ਕਿ ਹੋਲਾ-ਮਹੱਲਾ ਖਾਲਸਾ ਪੰਥ ਦਾ ਕੌਮੀ ਤਿਉਹਾਰ ਹੈ, ਜੋ ਖਾਲਸੇ ਦੀ ਜਨਮ ਭੂਮੀ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ ’ਤੇ ਖਾਲਸਾਈ ਜਾਹੋ-ਜਲਾਲ ਨਾਲ ਮਨਾਇਆ ਜਾਂਦਾ ਹੈ। ਇਹ ਤਿਉਹਾਰ ਗੁਰਮਤਿ ਮਰਿਆਦਾ ਅਤੇ ਪੂਰਨ ਜ਼ਾਬਤੇ ਅਨੁਸਾਰ ਮਨਾਇਆ ਜਾਣਾ ਚਾਹੀਦਾ ਹੈ।



ਉਨ੍ਹਾਂ ਦੱਸਿਆ ਕਿ 26 ਫਰਵਰੀ ਨੂੰ ਰਾਤ 12 ਵਜੇ ਗੁਰਦੁਆਰਾ ਕਿਲ੍ਹਾ ਅਨੰਦਗੜ੍ਹ ਸਾਹਿਬ ਵਿਖੇ ਪੰਜ ਨਗਾਰਿਆਂ ‘ਤੇ ਚੋਟ ਲਗਾ ਕੇ ਹੋਲਾ-ਮਹੱਲਾ ਦੀ ਆਰੰਭਤਾ ਕੀਤੀ ਜਾਵੇਗੀ। 27 ਫਰਵਰੀ ਨੂੰ ਗੁਰਦੁਆਰਾ ਸ੍ਰੀ ਪਤਾਲਪੁਰੀ ਸਾਹਿਬ ਕੀਰਤਪੁਰ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ, ਜਿਨ੍ਹਾਂ ਦੇ ਭੋਗ 1 ਮਾਰਚ ਨੂੰ ਪਾਏ ਜਾਣਗੇ। ਇਸੇ ਤਰ੍ਹਾਂ 2 ਮਾਰਚ ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ ਅਤੇ 4 ਮਾਰਚ ਨੂੰ ਸੰਪੂਰਨ ਭੋਗ ਪਾਏ ਜਾਣਗੇ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਪਸ਼ਟ ਕੀਤਾ ਕਿ ਸ੍ਰੀ ਕੀਰਤਪੁਰ ਸਾਹਿਬ ਅਤੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਰੰਗ ਵੇਚਣ ਅਤੇ ਇਕ ਦੂਜੇ ਉੱਤੇ ਰੰਗ ਸੁੱਟਣ ’ਤੇ ਪੂਰੀ ਤਰ੍ਹਾਂ ਪਾਬੰਦੀ ਰਹੇਗੀ। ਉਨ੍ਹਾਂ ਕਿਹਾ ਕਿ ਸਾਡਾ ਹੋਲਾ-ਮਹੱਲਾ ਗੁਰਬਾਣੀ ਅਤੇ ਨਾਮ ਦੇ ਰੰਗ ਵਿੱਚ ਰੰਗੇ ਜਾਣ ਦਾ ਤਿਉਹਾਰ ਹੈ, ਇਸ ਲਈ ਕਿਸੇ ਵੀ ਤਰ੍ਹਾਂ ਦੀ ਰੰਗਬਾਜ਼ੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਨਿਹੰਗ ਸਿੰਘ ਫੌਜਾਂ ਆਪਣੀ ਪਰੰਪਰਾਗਤ ਮਰਿਆਦਾ ਅਨੁਸਾਰ ਸੀਮਿਤ ਗੁਲਾਲ ਦੀ ਵਰਤੋਂ ਕਰਦੀਆਂ ਹਨ, ਪਰ ਆਮ ਸੰਗਤ ਉਪਰ ਰੰਗ ਸੁੱਟਣ ਜਾਂ ਵੇਚਣ ਦੀ ਮਨਾਹੀ ਹੈ।

ਉਨ੍ਹਾਂ ਨੌਜਵਾਨਾਂ ਨੂੰ ਖ਼ਾਸ ਅਪੀਲ ਕਰਦਿਆਂ ਕਿਹਾ ਕਿ ਆਪਣੇ ਟਰੈਕਟਰਾਂ ਅਤੇ ਵਾਹਨਾਂ ਨੂੰ ਖ਼ਾਲਸਾਈ ਨਿਸ਼ਾਨ ਸਾਹਿਬ ਨਾਲ ਸਜਾ ਕੇ ਪੂਰਨ ਜ਼ਾਬਤੇ ਅਤੇ ਅਨੁਸ਼ਾਸਨ ਵਿੱਚ ਰਹਿੰਦੇ ਹੋਏ ਚੜ੍ਹਦੀ ਕਲਾ ਨਾਲ ਸ੍ਰੀ ਅਨੰਦਪੁਰ ਸਾਹਿਬ ਪਹੁੰਚਣ। ਉਨ੍ਹਾਂ ਕਿਹਾ ਕਿ ਖਾਲਸਾ ਅਕਾਲ ਪੁਰਖ ਕੀ ਫੌਜ ਹੈ ਅਤੇ ਫੌਜ ਦਾ ਪਹਿਲਾ ਗੁਣ ਜ਼ਾਬਤਾ ਹੈ, ਇਸ ਲਈ ਹਰ ਸੰਗਤ ਗੁਰੂ ਦੇ ਹੁਕਮ ਅਨੁਸਾਰ ਤਿਉਹਾਰ ਮਨਾਏ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਧਾਰਮਿਕ ਦੀਵਾਨਾਂ ’ਚ ਸ਼ਾਮਲ ਹੋ ਕੇ ਗੁਰਬਾਣੀ ਕੀਰਤਨ, ਢਾਡੀ ਵਾਰਾਂ, ਕਵੀਸ਼ਰੀ ਅਤੇ ਗੁਰੂ ਇਤਿਹਾਸ ਦਾ ਆਨੰਦ ਮਾਨਣ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਦੀਆਂ ਬਖ਼ਿਸ਼ਸ਼ਾਂ ਪ੍ਰਾਪਤ ਕਰਨ। ਗੁਰੂ ਕੀਆਂ ਸੰਗਤਾਂ ਵੱਲੋਂ ਲਗਾਏ ਜਾਣ ਵਾਲੇ ਲੰਗਰਾਂ ਵਿੱਚ ਸੇਵਾ ਅਤੇ ਸਿਮਰਨ ਨਾਲ ਸ਼ਾਮਲ ਹੋਣਾ ਹੀ ਸੱਚੀ ਹੋਲੀ ਹੈ।

## ‘ਭੱਜਣ ਨਹੀਂ ਦਿੰਦੇ, ਤੈਨੂੰ ਚੱਕ ਲਿਆਵਾਂਗੇ...’, ਮੁੱਖ ਮੰਤਰੀ ਭਗਵੰਤ ਮਾਨ ’ਤੇ ਸੁਖਬੀਰ ਬਾਦਲ ਦਾ ਵੱਡਾ ਤੰਜ

**ਅਟਾਰੀ, 21 ਫਰਵਰੀ (ਆਵਾਜ਼ਿ ਕੌਮ ਬਿਊਰੋ)**-‘ਪੰਜਾਬ ਬਚਾਓ’ ਮਹਾਂ ਰੈਲੀ ਦੌਰਾਨ ਹਲਕਾ ਅਟਾਰੀ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਮਾਝੇ ਦੀ ਧਰਤੀ ਨੇ ਢਾਲ ਬਣ ਕੇ ਦੇਸ਼ ਦੀ ਰੱਖਿਆ ਕੀਤੀ ਹੈ ਅਤੇ ਹਮੇਸ਼ਾ ਪੰਜਾਬ ਨਾਲ ਵਿਤਕਰਾ ਹੋਇਆ ਹੈ। ਪੰਜਾਬ ਦਾ ਅੱਧਾ ਪਾਣੀ ਖੋਹ ਕੇ ਰਾਜਸਥਾਨ ਨੂੰ ਦੇ ਦਿੱਤਾ ਗਿਆ। ਇਹ ਸਾਰਾ ਕੁੱਝ ਕਾਂਗਰਸ ਦੀ ਸਰਕਾਰ ਨੇ ਕੀਤਾ। ਪੰਜਾਬ ਦਾ ਨੁਕਸਾਨ ਦਿੱਲੀ ਵਾਲੀਆਂ ਪਾਰਟੀਆਂ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬੀਆਂ ਦਾ ਦਰਦ ਦਿੱਲੀ ਵਾਲਿਆਂ ਨੂੰ ਨਹੀਂ, ਸਗੋਂ ਅਕਾਲੀ ਦਲ ਨੂੰ ਹੈ ਕਿਉਂਕਿ ਅਸੀਂ ਜਿਊਣਾ-ਮਰਨਾ ਇੱਥੇ ਹਨ। ਜਦੋਂ ਦਿੱਲੀ ਵਾਲਿਆਂ ਦੀ ਸਰਕਾਰ ਪੰਜਾਬ ’ਚ ਆ ਜਾਂਦੀ ਹੈ ਤਾਂ ਡੱਕਾ ਨਹੀਂ ਤੋੜਦੀ ਅਤੇ ਪੰਜਾਬੀ ਦੁਖ਼ੀ ਹੋ ਕੇ ਅਕਾਲੀ ਦਲ ਨੂੰ ਲੈ ਕੇ ਆਉਂਦੇ ਹਨ। ਜਦੋਂ ਅਕਾਲੀ ਦਲ ਦੀ ਸਰਕਾਰ ਬਣਦੀ ਹੈ ਤਾਂ ਉਦੋਂ ਤੋਂ ਤਰੱਕੀ ਸ਼ੁਰੂ ਹੋ ਜਾਂਦੀ ਹੈ ਅਤੇ ਅਕਾਲੀ ਦਲ ਦੇ ਜਾਣ ’ਤੇ ਸਾਰੀ ਤਰੱਕੀ ਰੁਕ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸਾਨੂੰ ਤਾਂ ਬਿਲਕੁਲ ਹੀ ਖੂੰਝੇ ਲਾ ਦਿੱਤਾ ਅਤੇ ਸਾਡੇ ਸਿਰਫ 2-3 ਵਿਧਾਇਕ ਰਹਿ ਗਏ ਪਰ ਅਸੀਂ ਪੰਜਾਬੀਆਂ ਦਾ ਸਾਥ ਨਹੀਂ ਛੱਡਿਆ। ਅਕਾਲੀ ਦਲ ਪੀੜ੍ਹੀ ਦਰ ਪੀੜ੍ਹੀ ਪੰਜਾਬੀਆਂ ਨਾਲ ਖੜ੍ਹਾ ਰਹੇਗਾ। ਸੁਖਬੀਰ ਬਾਦਲ ਨੇ ਹੱਥ ਜੋੜ ਕੇ ਅਪੀਲ ਕੀਤੀ ਕਿ ਤਜ਼ਰਬੇ ਕਰਨੇ ਛੱਡ ਦਿਓ। ਦਿੱਲੀ ਵਾਲੀਆਂ ਸਰਕਾਰਾਂ ਪੰਜਾਬੀਆਂ ਦੇ ਦਿਮਾਗ ’ਚ ਅਜਿਹੀਆਂ ਗੱਲਾਂ ਵਾੜ ਦਿੰਦੀਆਂ ਹਨ ਕਿ ਸਾਡੀ ਕੌਮ ਦਾ ਨੁਕਸਾਨ ਹੋ ਜਾਂਦਾ ਹੈ। ਸਾਡੇ ਗੁਰੂਘਰਾਂ ’ਤੇ ਦਿੱਲੀ ਵਾਲੀਆਂ ਪਾਰਟੀਆਂ ਨੇ ਕਬਜ਼ਾ ਕਰ ਲਿਆ। ਉਨ੍ਹਾਂ ਕਿਹਾ ਕਿ ਬਾਦਲ ਪਰਿਵਾਰ ਦਾ ਭਾਵੇਂ ਸਿਰ ਵੱਢਿਆ ਜਾਵੇ, ਅਸੀਂ ਕਿਸੇ ਅੱਗੇ ਝੁਕਦੇ ਨਹੀਂ ਹਾਂ। ਅਸੀਂ ਅਸੂਲਾਂ ਦੀ ਲੜਾਈ ਲੜਦੇ ਹਾਂ ਅਤੇ ਇਹੀ ਅਕਾਲੀ ਦਲ ਦੀ ਤਾਕਤ ਹੈ। ਉਨ੍ਹਾਂ ਕਿਹਾ ਕਿ ਹੁਣ ਮੈਨੂੰ ਅੰਦਰ ਕਰਨ ਨੂੰ ਫਿਰਦੇ ਹਨ ਅਤੇ ਮੈਂ ਤਾਂ ਸਿੱਧਾ ਹੀ ਡੀ. ਜੀ. ਪੀ. ਕੋਲ ਚਲਾ ਗਿਆ। ਸੁਖਬੀਰ ਬਾਦਲ ਨੇ ਸਰਕਾਰੀ ਮੁਲਾਜ਼ਮਾਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜਿਹੜੇ ਅਫ਼ਸਰ ਨੇ ਝੂਠਾ ਕੇਸ ਕੀਤਾ ਹੈ, ਉਹ ਸਾਡੀ ਸਰਕਾਰ ਆਉਣ ਦੇ ਪਹਿਲੇ ਹਫ਼ਤੇ ਹੀ ਅੰਦਰ ਜਾਵੇਗਾ। ਜਿਸ ਦਿਨ ਸਰਕਾਰ ਆ ਗਈ, ਇਕ ਕਮੇਟੀ ਬਣਾ ਕੇ ਜਿਹੜੇ-ਜਿਹੜੇ ਅਕਾਲੀ ਵਰਕਰਾਂ ’ਤੇ ਝੂਠੇ ਕੇਸ ਅਫ਼ਸਰਾਂ ਨੇ ਕੀਤੇ ਹਨ, ਜਾਂਚ ਕਰਵਾ ਕੇ ਉਨ੍ਹਾਂ ’ਤੇ ਪਰਚੇ ਦਿੱਤੇ ਜਾਣਗੇ।






**ਸਾਹਿਬ ਸਤਿਗੁਰੂ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਖਾਰਗਰ ਨਵੀਂ ਮੁੰਬਈ ਵਿਖੇ ਮਿਤੀ 28 ਫਰਵਰੀ ਅਤੇ 1 ਮਾਰਚ 2026 ਨੂੰ ਦੋ ਰੋਜ਼ਾ ਬਹੁਤ ਭਾਰੀ ਮਹਾਨ ਗੁਰਮਤਿ ਸਮਾਗਮ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾ ਦੀ ਅਗੁਵਾਈ 'ਚ ਮਹਾਰਾਸ਼ਟਰ ਦੀ ਸਰਕਾਰ ਦੀ ਦੇਖ ਰੇਖ ਹੇਠ ਕੀਤਾ ਜਾ ਰਿਹਾ ਹੈ।**

**ਸੰਗਤਾਂ ਨੂੰ ਬੇਨਤੀ ਹੈ ਇਹਨਾਂ ਸਮਾਗਮਾਂ 'ਚ ਹਾਜਰੀਆਂ ਭਰੋ ਅਤੇ ਲਾਹੇ ਪ੍ਰਾਪਤ ਕਰੋ ਜੀ।**



350 ਸਾਲਾ ਸ਼ਹੀਦੀ ਦਿਵਸ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦੁਰ ਜੀ ਮਹਾਰਾਜ,
ਭਾਈ ਮਤੀਦਾਸ ਭਾਈ ਸਤੀ ਦਾਸ ਭਾਈ ਦਿਆਲਾ ਜੀ ਨੂੰ ਸਮਰਪਿਤ

# ਸਲਾਨਾ ਗੁਰਮਤਿ ਸਮਾਗਮ

## 21 ਸਭਾਗੇ ਜੋੜਿਆਂ ਦੇ ਅਨੰਦ ਕਾਰਜ

**ਮਹਾਨ ਨਗਰ ਕੀਰਤਨ**
ਮਿਤੀ 21 ਫਰਵਰੀ 2026
ਸਵੇਰੇ 10 ਤੋਂ ਸ਼ਾਮ 3 ਵਜੇ ਤੱਕ

**ਅੰਮ੍ਰਿਤ ਸੰਚਾਰ**
ਮਿਤੀ 22 ਫਰਵਰੀ 2026 ਨੂੰ
ਦੁਪਹਿਰ 1 ਵਜੇ ਹੋਵੇਗਾ

ਮਿਤੀ
22 ਫਰਵਰੀ 2026

ਸਮਾਂ:-
ਸਵੇਰੇ 10 ਤੋਂ ਦੁਪਹਿਰ 3 ਵਜੇ ਤੱਕ

ਸਥਾਨ:-
ਗੁਰਦੁਆਰਾ
ਸ੍ਰੀ ਗੁਰੂ ਗ੍ਰੰਥਸਰ ਦਾਦੂ ਸਾਹਿਬ
ਨੇੜੇ ਕਾਲਾਂਵਾਲੀ ਮੰਡੀ
ਜ਼ਿਲ੍ਹਾ ਸਿਰਸਾ (ਹਰਿਆਣਾ)



ਸਮਾਗਮ ਵਿੱਚ ਪੰਜ ਸ਼ਖਸ਼ੀਅਤਾਂ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ

ਇਸ ਸਮੇਂ ਮੈਡੀਕਲ ਕੈਂਪ ਲਗਾਇਆ ਜਾਵੇਗਾ ਅਤੇ ਮੁਫ਼ਤ ਦਵਾਈਆਂ ਦਿੱਤੀਆਂ ਜਾਣਗੀਆਂ

ਬੇਨਤੀ ਕਰਤਾ - ਸੁੱਖ ਸੇਵਾ ਸਿਮਰਨ ਟਰਸੱਟ (ਰਜ਼ਿ) ਜੱਥਾ ਦਾਦੂ ਸਾਹਿਬ
ਸਮੂੰਹ ਨਗਰ ਅਤੇ ਇਲਾਕਾ ਨਿਵਾਸੀ ਸਾਧ ਸੰਗਤ

ਨੋਟ: ਗੁਰੂ ਕਾ ਲੰਗਰ ਅਟੁੱਟ ਵਰਤੇਗਾ

ਸੰਪਰਕ ਨੰ: 93560-60960, 97791-72813

LIVE ON
Akaal
CHARDIKLA TIME TV
Mr. Singh Production
ਆਵਾਜ਼ਿ ਕੌਮ AWAZE QAUM TV
YouTube
Jathedar Baljit Singh Khalsa Daduwal
SIKH SANGAT TV

ਅੰਬੈਸਡਰ ਫਾਰ ਪੀਸ
**ਜਥੇਦਾਰ ਬਲਜੀਤ ਸਿੰਘ ਦਾਦੂਵਾਲ**
ਚੇਅਰਮੈਨ, ਸੁੱਖ ਸੇਵਾ ਸਿਮਰਨ ਟਰੱਸਟ (ਰਜ਼ਿ:)
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ


## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net


ਧੰਨੀ ਸਬਦ ਸਰੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ    Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

-ਸੰਪਾਦਕ


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਸ਼ਹੀਦੀ ਦਿਹਾੜਾ

ਸ਼ਹੀਦੀ ਸਾਕਾ ਸ੍ਰੀ ਨਨਕਾਣਾ ਸਾਹਿਬ ਤੇ ਸ੍ਰੀ ਗੰਗਸਰ ਜੈਤੋ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ

**ਸ਼ਨਿੱਚਰਵਾਰ 21 ਫਰਵਰੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ**

ਐਤਵਾਰ 22 ਫਰਵਰੀ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:30 ਵਜੇ ਭੋਗ ਪੈਣਗੇ ਉਪਰੰਤ 12 : 30 ਵਜੇ ਤੱਕ ਦੀਵਾਨ ਸੱਜਣਗੇ।

ਕਥਾ ਵਾਚਕ ਗਿਆਨੀ ਰੂਪ ਸਿੰਘ ਦਮਦਮੀ ਟਕਸਾਲ ਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਵਿਖੇ

# ਤੀਸਰੇ ਦਿਨ ਸਜੇ ਭਾਰੀ ਧਾਰਮਿਕ ਦੀਵਾਨ

**ਚੌਂਕ ਮਹਿਤਾ, 21 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਤਿਹਾਸਕ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ (ਮੱਤੇਵਾਲ) ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਜੀ ਦੀ ਅਗਵਾਈ 'ਚ ਹੋਲੇ-ਮਹੱਲੇ ਨੂੰ ਸਮਰਪਿਤ 57ਵੇਂ ਸਾਲਾਨਾ ਧਾਰਮਿਕ ਦੀਵਾਨ 18 ਫਰਵਰੀ ਤੋਂ ਲਗਾਤਾਰ ਸਜਾਏ ਜਾ ਰਹੇ ਹਨ, ਜੋ 23 ਫਰਵਰੀ ਤੱਕ ਨਿਰੰਤਰ ਜਾਰੀ ਰਹਿਣਗੇ। ਇਨ੍ਹਾਂ ਸਮਾਗਮਾਂ ਦੇ ਚਲਦਿਆਂ ਅੱਜ ਗੁਰਦੁਆਰਾ

## 23 ਫਰਵਰੀ ਨੂੰ ਮਾਝੇ ਤੇ ਮਾਲਵੇ ਦੀਆਂ ਕਬੱਡੀ ਟੀਮਾਂ 'ਚ ਹੋਣਗੇ ਫਸਵੇਂ ਮੁਕਾਬਲੇ

ਸਾਹਿਬ ਦੇ ਦੀਵਾਨ ਹਾਲ 'ਚ ਤੀਸਰੇ ਦਿਨ ਦੇ ਦੀਵਾਨ ਸਜਾਏ ਗਏ। ਇਸ ਦੌਰਾਨ ਭਾਈ ਸਤਨਾਮ ਸਿੰਘ ਬੱਲੋਵਾਲੀ ਤੇ ਹੋਰਨਾਂ ਪ੍ਰਸਿੱਧ ਰਾਗੀ, ਢਾਡੀ ਜਥਿਆਂ ਨੇ ਆਈਆਂ ਸੰਗਤਾਂ ਨੂੰ ਗੁਰਬਾਣੀ ਜਸ ਸਰਵਣ ਕਰਵਾ ਕੇ ਨਿਹਾਲ ਕੀਤਾ। ਇਸ ਦੌਰਾਨ ਜਿੱਥੇ ਵੱਡੀ ਗਿਣਤੀ 'ਚ ਇਲਾਕੇ ਦੇ ਪਿੰਡਾਂ ਦੀਆਂ ਸੰਗਤਾਂ ਨੇ ਸ਼ਰਧਾ ਨਾਲ ਹਾਜ਼ਰੀ ਭਰੀ, ਉਥੇ ਹੀ ਇਲਾਕੇ ਦੇ ਸੰਤ-ਮਹਾਪੁਰਸ਼ਾਂ ਅਤੇ ਧਾਰਮਿਕ ਸਖ਼ਸ਼ੀਅਤਾਂ ਨੇ ਵੀ ਸ਼ਮੂਲੀਅਤ ਕੀਤੀ। ਜ਼ਿਕਰਯੋਗ ਹੈ ਕਿ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਿਸ਼ਾਹ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਅਸਥਾਨ ਹੈ, ਜਿਸ ਕਰਕੇ ਇਸ ਗੁਰਦੁਆਰਾ ਸਾਹਿਬ



ਪ੍ਰਤੀ ਸੰਗਤਾਂ ਦੇ ਮਨ 'ਚ ਭਾਰੀ ਸ਼ਰਧਾ ਹੈ। ਅੱਜ ਇੱਥੇ ਸੰਤ ਬਾਬਾ ਸੱਜਣ ਸਿੰਘ ਜੀ ਨੇ ਦੱਸਿਆ ਕਿ ਦੁਪਹਿਰ 1 ਤੋਂ ਸ਼ਾਮ 5 ਵਜੇ ਤੱਕ ਰੋਜ਼ਾਨਾ ਦੀਵਾਨ ਸਜਾਏ ਜਾ ਰਹੇ ਹਨ। 21 ਫਰਵਰੀ ਨੂੰ ਭਾਈ ਨਿਰਮਲ ਸਿੰਘ ਬਰਿਆਰ ਤੇ ਭਾਈ ਸੁਲੱਖਣ ਸਿੰਘ ਯੂ.ਕੇ., 22 ਨੂੰ ਭਾਈ ਗੁਰਮੁਖ ਸਿੰਘ ਐਮ.ਏ. ਅਤੇ 23 ਫਰਵਰੀ ਨੂੰ ਭਾਈ ਸੁਲੱਖਣ ਸਿੰਘ ਰਿਆੜ ਸੰਗਤਾਂ ਨੂੰ ਗੁਰੂ ਜਸ ਸਰਵਣ ਕਰਵਾਉਣਗੇ। ਉਨ੍ਹਾਂ ਦੱਸਿਆ ਕਿ 22 ਫਰਵਰੀ ਨੂੰ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਸਟੇਡੀਅਮ ਗੁਰੂ ਕੀ ਬੇਰ ਸਾਹਿਬ ਵਿਖੇ ਸੱਦੇ ਹੋਏ ਪਹਿਲਵਾਨਾਂ ਦੇ ਘੋਲ ਹੋਣਗੇ ਅਤੇ 23 ਫਰਵਰੀ ਨੂੰ ਸ਼ਾਮ 4 ਵਜੇ ਮਾਝੇ ਅਤੇ ਮਾਲਵੇ ਦੀਆਂ ਕਬੱਡੀ ਟੀਮਾਂ ਵਿਚਕਾਰ ਜ਼ਬਰਦਸਤ ਮੈਚ ਖੇਡੇ ਜਾਣਗੇ। ਇਸ ਮੌਕੇ ਸੰਤ ਬਾਬਾ ਸੱਜਣ ਸਿੰਘ ਜੀ ਨੇ ਇਲਾਕੇ ਦੀਆਂ ਸੰਗਤਾਂ ਨੂੰ ਇਨ੍ਹਾਂ ਦੀਵਾਨਾਂ ਵਿਚ ਵਧ-ਚੜ੍ਹ ਕੇ ਹਾਜ਼ਰੀ ਭਰਨ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਸ਼ਹੀਦ ਬਾਬਾ ਬੀਰ ਸਿੰਘ ਜੀ ਟਾਹਲੀ ਸਾਹਿਬ ਵਿਖੇ 8 ਰੋਜ਼ਾ ਚੱਲਣ ਵਾਲੇ ਹੋਲੇ ਮਹੱਲੇ 25 ਤੱਕ



**ਚੌਂਕ ਮਹਿਤਾ, 21ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਇਤਿਹਾਸਕ ਗੁਰਦੁਆਰਾ ਧੰਨ ਧੰਨ ਸ਼ਹੀਦ ਬਾਬਾ ਬੀਰ ਸਿੰਘ ਜੀ ਟਾਹਲੀ ਸਾਹਿਬ ਵਿਖੇ 18 ਫਰਵਰੀ ਤੋਂ ਲੈ ਕੇ 25 ਫਰਵਰੀ ਤੱਕ ਗੁਰਦੁਆਰਾ ਟਾਹਲੀ ਸਾਹਿਬ ਵਿਖੇ ਕਾਰ ਸੇਵਾ ਦੇ ਮਹਾਨ ਪੁੰਜ ਸੱਚਖੰਡ ਵਾਸੀ ਸੰਤ ਬਾਬਾ ਅਜੈਬ ਸਿੰਘ ਜੀ ਮੱਖਣਵਿੰਡੀ ਵਾਲਿਆਂ ਦੀ ਯਾਦ ਨੂੰ ਸਮਰਪਿਤ ਸਲਾਨਾ ਧਾਰਮਿਕ ਸਮਾਗਮ ਇਲਾਕਾ ਦੀਆਂ ਸੰਗਤਾਂ, ਐਨ.ਆਰ.ਆਈ ਵੀਰਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਦੇ ਨਾਲ 18 ਫਰਵਰੀ ਤੋਂ ਲੈ ਕਿ 21ਫਰਵਰੀ ਦਿਨ ਸ਼ਨੀਵਾਰ ਤੱਕ ਸੰਤ ਬਾਬਾ ਸਰਦਾਰਾ ਸਿੰਘ ਜੀ ਮੱਖਣਵਿੰਡੀ ਵਾਲਿਆਂ ਦੀ ਅਗਵਾਈ ਵਿਚ ਬੜੀ ਮਨਾਏ ਜਾ ਰਹੇ ਹਨ। ਇਸ ਸਮਾਗਮਾ ਸੰਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਸੇਵਾਦਾਰ ਸੰਤ ਬਾਬਾ ਮੇਜਰ ਸਿੰਘ ਟਾਹਲੀ ਸਾਹਿਬ ਨੇ ਦੱਸਿਆ ਕਿ 8 ਰੋਜਾ ਚੱਲਣ ਵਾਲੇ ਹੋਲੇ ਮਹੱਲੇ ਦੇ ਸਮਾਗਮਾ ਵਿਚ ਪੰਥ ਦੇ ਪ੍ਰਸਿੱਧ ਕਵੀਸ਼ਰੀ ਜਥੇ ਭਾਈ ਸੁਲੱਖਣ ਸਿੰਘ ਰਿਆੜ ਵਾਲੇ,ਭਾਈ ਸਤਪਾਲ ਸਿੰਘ ਐਮ.ਏ,ਢਾਡੀ ਜਥਿਆਂ ਸਮੇਤ ਪੰਜਾਬ ਦੇ ਹੋਰ ਨਾਮਵਰ ਜਥੇ ਵਲੋਂ ਸੰਗਤਾਂ ਗੁਰ ਇਤਿਹਾਸ ਨਾਲ ਨਿਹਾਲ ਕਰਨਗੇ । ਇਨ੍ਹਾਂ ਸਮਾਗਮਾ ਵਿਚ ਪਹੁੰਚ ਰਹੇ ਸੰਤ ਮਹਾਂਪੁਰਸ਼ਾਂ ਵਿਚ ਸੰਤ ਬਾਬਾ ਸੱਜਣ ਸਿੰਘ ਜੀ ਗੁਰੂ ਕੀ ਬੇਰ ਸਾਹਿਬ ਵਾਲੇ, ਬਾਬਾ ਭੁਪਿੰਦਰ ਸਿੰਘ ਜੀ ਸਤਲਾਣੀ ਸਾਹਿਬ ਵਾਲੇ, ਬਾਬਾ ਸਤਨਾਮ ਸਿੰਘ ਜੀ ਗੁਰੂ ਕੇ ਬਾਗ ਸਾਹਿਬ ਵਾਲੇ, ਬਾਬਾ ਜੋਗਾ ਸਿੰਘ ਜੀ ਤਰਨਾ ਦਲ ਵਾਲੇ,ਪ੍ਰਧਾਨ ਬਾਬਾ ਕੰਵਲਜੀਤ ਸਿੰਘ ਜੀ ਗੁਰਦੁਆਰਾ ਨਾਗੀਆਣਾ ਸਾਹਿਬ ਵਾਲੇ, ਬਾਬਾ ਪ੍ਰਭਜੀਤ ਸਿੰਘ ਜੀ ਕੰਦੋਵਾਲੀ,ਬਾਬਾ ਗੁਰਦੇਵ ਸਿੰਘ ਜੀ ਤਰਸਿੱਕਾ ਵਾਲੇ, ਬਾਬਾ ਨਿਰਮਲ ਸਿੰਘ ਜੀ ਯੂ.ਪੀ.ਵਾਲੇ,ਬਾਬਾ ਗੁਰਮੀਤ ਸਿੰਘ ਜੀ, ਬਾਬਾ ਸੁਖਦੇਵ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਤ ਮਹਾਂਪੁਰਖ ਹਾਜਰੀ ਭਰਕੇ ਸੰਗਤਾਂ ਦੇ ਦਰਸ਼ਨ ਕਰਨਗੇ। ਅਤੇ ਅਖੀਰਲੇ ਦੋ ਦਿਨਾਂ 'ਚ 24 ਨੂੰ ਪੰਜਾਬ ਦੇ ਨਾਮਵਰ ਪਹਿਲਵਾਨਾਂ ਵਿਚ ਘੋਲ ਹੋਣਗੇ ਤੇ 25 ਫਰਵਰੀ ਨੂੰ ਕਬੱਡੀ ਕੱਪ ਕਰਵਾਇਆ ਜਾਵੇਗਾ। ਜਿੰਨ੍ਹਾਂ ਸਮਾਗਮਾ ਵਿਚ ਸੰਤ ਬਾਬਾ ਸਰਦਾਰਾ ਸਿੰਘ ਜੀ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਪਰਿਵਾਰਾਂ ਸਮੇਤ ਹਾਜ਼ਰੀਆਂ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

'ਖਾਲਸਾ ਕਾਲਜ' ਮਹਿਤਾ ਵਿਖੇ

# ਅੰਤਰ-ਰਾਸ਼ਟਰੀ ਪੰਜਾਬੀ ਮਾਂ ਬੋਲੀ ਦਿਵਸ ਮਨਾਇਆ



**ਚੌਂਕ ਮਹਿਤਾ, 21 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਅਤੇ ਕਾਲਜੀਏਟ ਮਹਿਤਾ ਚੌਂਕ ਜੋ ਕਿ ਦਮਦਮੀ ਟਕਸਾਲ ਦੇ 16ਵੇਂ ਮੁਖੀ ਮਾਨਯੋਗ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ,ਪ੍ਰਧਾਨ ਸੰਤ ਸਮਾਜ ਦੀ ਸੁਯੋਗ ਰਹਿਨੁਮਾਈ ਹੇਠ ਚੱਲ ਰਹੇ ਵਿੱਦਿਅਕ ਅਦਾਰੇ ਦੇ ਰੂਪ ਵਿਚ ਇਲਾਕੇ ਦੇ ਵਿਦਿਆਰਥੀਆਂ ਨੂੰ ਉਚੇਰੀ ਸਿੱਖਿਆ ਦੇ ਕੇ ਸਮੁੱਚੀ ਸ਼ਖਸੀਅਤ ਦਾ ਵਿਕਾਸ ਕਰ ਰਿਹਾ ਹੈ ।ਕਾਲਜ ਅਤੇ ਕਾਲਜੀਏਟ ਦੇ ਸੱਭਿਆਚਾਰਕ ਅਤੇ ਵਿੱਦਿਅਕ ਮੰਚ ਵੱਲੋਂ ਅੰਤਰ-ਰਾਸ਼ਟਰੀ ਪੰਜਾਬੀ ਮਾਂ ਬੋਲੀ ਦਿਵਸ ਮਨਾਇਆ ਗਿਆ। ਇਸ ਮੌਕੇ ਤੇ ਕਾਲਜ ਦੇ ਹੋਣਹਾਰ ਵਿਦਿਆਰਥੀਆਂ ਨੇ ਪੰਜਾਬੀ ਭਾਸ਼ਾ ਦੇ ਵਿਕਾਸ ਬਾਰੇ ਚਾਨਣਾ ਪਾਇਆ, ਵਿਦਿਆਰਥੀਆਂ ਨੇ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਭਾਸ਼ਣ, ਕਵਿਤਾਵਾਂ ਅਤੇ ਗੀਤ ਪੇਸ਼ ਕੀਤੇ ।

ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਅੰਤਰ- ਰਾਸ਼ਟਰੀ ਪੰਜਾਬੀ ਮਾਂ ਬੋਲੀ ਦਿਵਸ ਦੀ ਸਭ ਨੂੰ ਮੁਬਾਰਕਬਾਦ ਦਿੰਦਿਆਂ ਮਾਂ ਬੋਲੀ ਪੰਜਾਬੀ ਨੂੰ ਗੁਰੂਆਂ ਤੇ ਸੰਤਾ ਦੀ ਭਾਸ਼ਾ ਦੱਸਿਆ, ਪੰਜਾਬੀ ਬੋਲੀ ਦਾ ਵਿਕਾਸ ਕਰਨ ਵਿੱਚ ਸਮੇਂ -ਸਮੇਂ 'ਤੇ ਅਨੇਕਾਂ ਨਾਮਵਰ ਸਾਹਿਤਕਾਰਾਂ,ਕਵੀਆਂ, ਪੀਰਾਂ-ਫਕੀਰਾਂ,ਸੂਫੀਆਂ,ਰਹਿਬਰਾਂ ਤੇ ਗੀਤਕਾਰਾਂ ਨੇ ਆਪੋ-ਆਪਣੀ ਸਮਰੱਥਾ ਅਤੇ ਸ਼ਕਤੀ ਅਨੁਸਾਰ ਯੋਗਦਾਨ ਪਾਇਆ ਤੇ ਪੰਜਾਬੀ ਮਾਂ ਬੋਲੀ ਦੀ ਰੱਜਵੀਂ ਸੇਵਾ ਕੀਤੀ। ਜਿਸ ਦੀ ਬਦੌਲਤ ਪੰਜਾਬੀ ਮਾਂ ਬੋਲੀ ਦੁਨੀਆ ਦੇ ਕੋਨੇ-ਕੋਨੇ ਤੇ ਫੈਲ ਚੁੱਕੀ ਹੈ ਪਰ ਜੋ ਸਤਿਕਾਰ ਪੰਜਾਬੀ ਮਾਂ ਬੋਲੀ ਨੂੰ ਆਪਣੇ ਘਰ ਤੋਂ ਮਿਲਣਾ ਚਾਹੀਦਾ ਸੀ ਉਹ ਦਿਨੋ-ਦਿਨ ਘੱਟ ਰਿਹਾ ਕਿਉਂਕਿ ਅੱਜ ਦੇ ਸਮੇਂ ਵਿੱਚ ਪੰਜਾਬੀ ਮਾਂ ਬੋਲੀ ਨੂੰ ਆਪਣੀ ਹੀ ਪੜ੍ਹੀ -ਲਿਖੀ ਕੌਮ ਤੋਂ ਖਤਰਾ ਪੈਦਾ ਹੁੰਦਾ ਜਾ ਰਿਹਾ । ਹੋਰ ਭਾਸ਼ਾਵਾ ਸਿਖਣਾ ਮਾੜੀ ਗੱਲ ਨਹੀਂ ਪਰ ਆਪਣੀ ਪੰਜਾਬੀ ਮਾਂ ਬੋਲੀ ਨੂੰ ਵਿਸਾਰ ਦੇਣਾ ਜਰੂਰ ਗਲਤ ਹੈ।

ਉਹਨਾਂ ਨੇ ਵਿਦਿਆਰਥੀਆਂ ਨੂੰ ਇਸ ਗੱਲ ਲਈ ਪ੍ਰੇਰਿਤ ਕੀਤਾ ਕਿ ਅਸੀਂ ਸਾਰੇ ਪੰਜਾਬੀ ਮਾਂ ਬੋਲੀ ਨਾਲ ਵੱਧ ਤੋਂ ਵੱਧ ਪਿਆਰ ਕਰੀਏ ਤੇ ਇਸ ਦੇ ਵਿਕਾਸ ਲਈ ਆਪਣਾ ਬਣਦਾ ਯੋਗਦਾਨ ਪਾ ਕੇ ਪੰਜਾਬੀ ਮਾਂ ਬੋਲੀ ਕਰਜਾ ਉਤਾਰੀਏ ।

ਇਸ ਮੌਕੇ ਤੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ , ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ ,ਪ੍ਰਿੰਸੀਪਲ ਜਤਿੰਦਰ ਸ਼ਰਮਾ , ਸੁਖਦੇਵ ਸਿੰਘ , ਸੁਖਜੀਤ ਸਿੰਘ , ਮੈਡਮ ਕੁਲਦੀਪ ਕੌਰ ਅਤੇ ਸਮੂਹ ਸਟਾਫ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਭਾਗੀਵਾਂਦਰ ਵਿਖੇ ਮਨਾਇਆ ਗਿਆ ਪੰਜਾਬੀ ਮਾਂ ਬੋਲੀ ਦਿਵਸ




**ਤਲਵੰਡੀ ਸਾਬੋ, 21 ਫਰਵਰੀ (ਗੁਰਜੰਟ ਸਿੰਘ ਨਥੇਹਾ)**-ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਭਾਗੀਵਾਂਦਰ ਵਿਖੇ ਮਾਂ ਬੋਲੀ ਦਿਵਸ ਬੜੇ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਇਆ ਗਿਆ। ਜਿਸ ਦਾ ਉਦੇਸ਼ ਵਿਦਿਆਰਥੀਆਂ ਨੂੰ ਆਪਣੀ ਮਾਂ ਬੋਲੀ ਪੰਜਾਬੀ ਨਾਲ ਪਿਆਰ ਕਰਨ ਅਤੇ ਇਸ ਦੀ ਮਹੱਤਤਾ ਬਾਰੇ ਜਾਣੂ ਕਰਵਾਉਣਾ ਸੀ।ਵਿਦਿਆਰਥੀਆਂ ਨੂੰ ਸਵੇਰ ਦੀ ਸਭਾ ਵਿੱਚ ਸਕੂਲ ਕੋਆਰਡੀਨੇਟਰ ਮੈਡਮ ਬੇਅੰਤ ਕੌਰ ਅਤੇ ਮੈਡਮ ਕਿਰਨਦੀਪ ਕੌਰ ਪੰਜਾਬੀ ਅਧਿਆਪਕਾ ਦੁਆਰਾ ਭਾਸ਼ਣ ਦਿੱਤਾ ਗਿਆ ਅਤੇ ਕੁਇਜ਼ ਮੁਕਾਬਲੇ ਕਰਵਾਏ ਗਏ। ਵਿਦਿਆਰਥੀਆਂ ਨੇ ਬਹੁਤ ਹੀ ਧਿਆਨ ਨਾਲ ਪ੍ਰਸ਼ਨਾਂ ਦੇ ਉੱਤਰ ਦਿੱਤੇ ਅਤੇ ਦਿਲਚਸਪੀ ਨਾਲ ਅਧਿਆਪਕਾਂ ਦਾ ਭਾਸ਼ਣ ਸੁਣਿਆ। ਸਕੂਲ ਕੋਆਰਡੀਨੇਟਰ ਬੇਅੰਤ ਕੌਰ ਨੇ ਕਿਹਾ ਕਿ ਜੇ ਬੋਲੀ ਨਾ ਰਹੀ ਤਾਂ ਕਵਿਤਾਵਾਂ ਵੀ ਗੁੰਮ ਜਾਣੀਆਂ, ਮਾਵਾਂ ਦੀਆਂ ਦਿੱਤੀਆਂ ਦੁਆਵਾਂ ਗੁੰਮ ਜਾਣੀਆਂ, ਦਿੱਤੀਆਂ ਸ਼ਹਾਦਤਾਂ ਨਾ ਮਿੱਟੀ 'ਚ ਮਿਲਾ ਦਿਓ, ਦੇਖਿਓ ਪੰਜਾਬੀਓ ਪੰਜਾਬੀ ਨਾ ਭੁਲਾ ਦਿਓ। ਉਹਨਾਂ ਨੇ ਅਪੀਲ ਕੀਤੀ ਕਿ ਪੰਜਾਬੀ ਨੂੰ ਕਦੇ ਨਾ ਭੁਲਾਇਆ ਜਾਵੇ, ਪੰਜਾਬੀ ਨੂੰ ਸਦਾ ਯਾਦ ਰੱਖੋ ਅਤੇ ਇਸਦੀ ਸੰਭਾਲ ਕਰੋ। ਇਸ ਮੌਕੇ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਸਕੂਲ ਚੇਅਰਮੈਨ ਵਿਨੋਦ ਖੁਰਾਣਾ ਅਤੇ ਸਕੂਲ ਪ੍ਰਧਾਨ ਲਗਨ ਖੁਰਾਣਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਮਾਂ ਬੋਲੀ ਸਾਡੀ ਪਹਿਚਾਣ ਅਤੇ ਸੱਭਿਆਚਾਰ ਦੀ ਜੜ੍ਹ ਹੈ। ਪੰਜਾਬੀ ਭਾਸ਼ਾ ਸਾਡੀ ਵਿਰਾਸਤ ਹੈ ਅਤੇ ਇਸ ਦੀ ਸੰਭਾਲ ਕਰਨਾ ਸਾਡੀ ਜ਼ਿੰਮੇਵਾਰੀ ਹੈ। ਇਸ ਮੌਕੇ ਜੂਨੀਅਰ ਕੋਆਰਡੀਨੇਟਰ ਕਿਰਨਦੀਪ ਕੌਰ ਅਤੇ ਅਧਿਆਪਕਾਂ ਨੇ ਵੀ ਵਿਦਿਆਰਥੀਆਂ ਨਾਲ ਪੰਜਾਬੀ ਸਾਹਿਤ ਦੇ ਮਹਾਨ ਲੇਖਕਾਂ ਬਾਰੇ ਵਿਚਾਰ ਸਾਂਝੇ ਕੀਤੇ ਅਤੇ ਇਸ ਨੂੰ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਦਾ ਸੰਕਲਪ ਲੈਣ ਲਈ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਦਿੱਲੀ ਕਮੇਟੀ ਦੇ ਮੌਜੂਦਾ ਪ੍ਰਬੰਧਕ ਦਿਸ਼ਾਹੀਣ ਦੇ ਨਾਲ ਦ੍ਰਿਸ਼ਟੀਹੀਣ: ਪਰਮਜੀਤ ਸਿੰਘ ਵੀਰਜੀ

# ਪੰਥ ਦੇ ਗੰਭੀਰ ਮੁੱਦਿਆਂ ਤੇ ਵਿਚਾਰਾਂ ਨਾ ਕਰਕੇ ਪੰਥ ਨੂੰ ਦੁਫਾੜ ਕਰਣ ਵਾਲਿਆਂ ਦਾ ਦੇ ਰਹੇ ਹਨ ਸਾਥ



**ਨਵੀਂ ਦਿੱਲੀ 21 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):-** ਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਅਤੇ ਜਨਰਲ ਸਕੱਤਰ ਵਲੋਂ ਜਾਰੀ ਕੀਤਾ ਇਕ ਬਿਆਨ ਨੂੰ ਮੀਡੀਆ ਵਿਚ ਪੜਨ ਨੂੰ ਮਿਲਿਆ। ਉਨ੍ਹਾਂ ਨੂੰ ਅਸੀਂ ਇਹ ਪੁੱਛਣਾ ਚਾਹੁੰਦੇ ਹਾਂ ਕਿ ਬਿਆਨ ਜਾਰੀ ਕਰਣ ਤੋਂ ਪਹਿਲਾਂ ਕਿ ਤੁਸੀਂ ਆਪਣੀ ਪੀੜੀ ਹੇਠ ਝਾਕ ਮਾਰੀ ਸੀ ਜਾਂ ਨਹੀਂ। ਜ਼ੇਕਰ ਨਹੀਂ ਤਾ ਤੁਹਾਨੂੰ ਅਸੀਂ ਯਾਦ ਕਰਵਾ ਦੇਂਦੇ ਹਾਂ ਕਿ ਬੀਤੇ ਦਿਨੀਂ ਬੰਦੀ ਸਿੰਘ ਭਾਈ ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਨੂੰ ਰੱਦ ਕਰ ਦਿੱਤਾ ਗਿਆ ਪਰ ਤੁਹਾਡੇ ਮੂੰਹ ਵਿੱਚੋਂ ਇਸ ਧੱਕੇ ਵਿਰੁੱਧ ਇਕ ਅੱਖਰ ਨਹੀਂ ਨਿਕਲਿਆ ਪਰ ਗਿਆਨੀ ਰਘਬੀਰ ਸਿੰਘ ਵਲੋਂ ਕੀਤੀ ਗਈ ਪੰਥ ਨੂੰ ਦੁਫਾੜ ਕਰਣ ਵਾਲੀ ਕਾਨਫਰੰਸ ਦੇ ਹਕ. ਵਿਚ ਤੁਸੀਂ ਤੁਰੰਤ ਨਿਤਰ ਪਏ। ਇੰਨ੍ਹਾ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਗੁਰੂਬਾਣੀ ਰਿਸਰਚ ਫਾਉਂਡੇਸ਼ਨ ਦੇ ਮੁੱਖੀ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਦਿੱਲੀ ਦੀ ਅਦਾਲਤ ਅੰਦਰ ਚਲ ਰਹੇ ਤੁਹਾਡੇ ਵਿਰੁੱਧ ਚਲ ਰਹੇ ਮਾਮਲੇ 'ਚ ਤੁਸੀਂ ਦਿੱਲੀ ਕਮੇਟੀ ਅਧੀਨ ਹਰਿਆਣਾ ਦੇ ਬਿਘੜ ਦੇ ਸਰਮਾਏ ਨੂੰ ਤੁਹਾਡੇ ਨਾਕਾਮਯਾਬ ਪ੍ਰਬੰਧਨ ਕਰਕੇ ਚੜੇ ਕਰਜੇ ਨੂੰ ਉਤਾਰਣ ਲਈ ਓਸ ਦੀ ਕੀਮਤ ਤੈਅ ਕਰਣ ਲਈ ਅਦਾਲਤ ਨੂੰ ਕਿਹਾ ਹੈ। ਹੁਣ ਤੁਸੀਂ ਕਿਸ ਮੂੰਹ ਨਾਲ ਐਸਜੀਪੀਸੀ ਵਰਗੀ ਮਹਾਨ ਸੰਸਥਾ ਦੇ ਮੁੱਖੀ ਨੂੰ ਕਹਿ ਰਹੇ ਹੋ ਕਿ ਗੁਰੂਘਰ ਦੀ ਕੋਈ ਵੀ ਜਗ੍ਹਾ ਵੇਚ ਨਹੀਂ ਸਕਦਾ ਹੈ ਜਦਕਿ ਅੰਬ ਸਾਹਿਬ ਮਾਮਲੇ ਵਿਚ ਉਨ੍ਹਾਂ ਦਾ ਕੋਈ ਹੱਥ ਨਹੀਂ ਹੈ ਦੇ ਬਾਵਜੂਦ ਉਨ੍ਹਾਂ ਨੇ ਪੰਥ ਕੋਲੋਂ ਮੁਆਫੀ ਤਕ ਮੰਗੀ ਹੈ, ਕਿ ਤੁਸੀਂ ਆਪਣੀਆਂ ਨਾਕਾਮੀਆਂ ਲਈ ਕਦੇ ਪੰਥ ਅੱਗੇ ਪੇਸ਼ ਹੋਕੇ ਮੁਆਫੀ ਮੰਗੀ ਹੈ..? ਤੁਹਾਡੀ ਪ੍ਰਬੰਧਕੀ ਹੇਠ ਬਹੁਤ ਸਾਰੇ ਕਾਰਨਾਮੇ ਹੋਏ ਜਿਨ੍ਹਾਂ ਬਾਰੇ ਸ਼ੋਸ਼ਲ ਮੀਡੀਆ ਤੇ ਸੰਸਾਰ ਨੂੰ ਪਤਾ ਲਗਦਾ ਰਹਿੰਦਾ ਹੈ ਪਰ ਤੁਸੀਂ ਪੰਥ ਅੱਗੇ ਪੇਸ਼ ਨਹੀਂ ਹੋਏ। ਤੁਹਾਡੀ ਜਾਣਕਾਰੀ ਲਈ ਐਸਜੀਪੀਸੀ ਦਾ ਬਜਟ ਅਰਬਾਂ ਰੁਪਏ ਦਾ ਹੈ ਤੇ ਓਹ ਪੂਰੀ ਤਰ੍ਹਾਂ ਪਾਰਦਰਸ਼ੀ ਹੁੰਦਾ ਹੈ ਹਰ ਖਰਚੇ ਦਾ ਵੇਰਵਾ ਸੰਗਤਾਂ ਨੂੰ ਦਸਿਆ ਜਾਂਦਾ ਹੈ ਤੇ ਤੁਸੀਂ ਜਦੋ ਤੋਂ ਕਮੇਟੀ ਦਾ ਪ੍ਰਬੰਧ ਸੰਭਾਲਿਆ ਹੈ ਕਦੇ ਬਜਟ ਤਕ ਨਹੀਂ ਬਣਾਇਆ ਕਿ ਕਮੇਟੀ ਦੀ ਆਮਦਨ ਕਿਥੋਂ ਹੋਵੇਗੀ ਤੇ ਓਸ ਆਮਦਨ ਦੇ ਮੁਤਾਬਿਕ ਖਰਚਾ ਕਿੱਥੇ ਕੀਤਾ ਜਾਏਗਾ। ਡਿਲਾਈਟ ਕੰਪਨੀ ਵਾਲਿਆਂ ਵਲੋਂ ਕੀਤੀ ਗਈ ਆਡਿਟ ਰਿਪੋਰਟ ਜਾਰੀ ਕਿਉਂ ਨਹੀਂ ਕਰ ਰਹੇ ਹੋ ਜਦਕਿ ਤੁਸੀਂ ਕਹਿੰਦੇ ਹੋ ਕਿ ਅਸੀਂ ਸਾਰਾ ਕੰਮ ਪਾਰਦਰਸ਼ੀ ਤਰੀਕੇ ਨਾਲ ਕਰਦੇ ਹਾਂ। ਤੁਹਾਡੀ ਜਾਣਕਾਰੀ ਲਈ ਕੁਝ ਦਿਨ ਪਹਿਲਾਂ ਹੀ ਐਸਜੀਪੀਸੀ ਵਲੋਂ ਸਿਕਲੀਗਰ ਬੱਚਿਆਂ ਦੀ ਪੜਾਈ ਲਈ ਲੱਖਾਂ ਰੁਪਏ ਦੀ ਮਦਦ ਕੀਤੀ ਗਈ ਹੈ ਜੋ ਕਿ ਉਨ੍ਹਾਂ ਦੀ ਵਡੀ ਪ੍ਰਾਪਤੀਆਂ ਵਿੱਚੋਂ ਇਕ ਹੈ ਤੇ ਤੁਹਾਡੀ ਸਰਪ੍ਰਸਤੀ ਹੇਠ ਤਾ ਸਕੂਲ ਕਾਲਜ ਹੀ ਬੰਦ ਹੋਣੇ ਸ਼ੁਰੂ ਹੋ ਚੁੱਕੇ ਹਨ ਤੇ ਇਹ ਇਕ ਕਾਲੇ ਅੱਖਰਾਂ ਵਿਚ ਲਿਖੀ ਜਾਣ ਵਾਲੀ ਤੁਹਾਡੀ ਪ੍ਰਾਪਤੀ ਹੈ। ਤੁਸੀਂ ਗਿਆਨੀ ਰਘਬੀਰ ਸਿੰਘ ਜੀ ਅਤੇ ਗਿਆਨੀ ਹਰਪ੍ਰੀਤ ਸਿੰਘ ਜੀ ਦੀ ਪਿੱਠ ਥਾਪੜ ਰਹੇ ਹੋ ਪਰ ਕਦੇ ਤੁਸੀਂ ਉਨ੍ਹਾਂ ਨੂੰ ਪੁੱਛਿਆ ਕਿ ਜਦੋ ਤੁਹਾਡੇ ਕੋਲ ਜੱਥੇਦਾਰੀ ਸੀ ਤਦ ਤੁਸੀਂ ਕਿਉਂ ਨਹੀਂ ਬੋਲੇ, ਕਿਉਂ ਨਹੀਂ ਕੌਮ ਨੂੰ ਜਾਗ੍ਰਿਤ ਕੀਤਾ ਕਿ ਤੁਹਾਨੂੰ ਕੌਮ ਨੂੰ ਰਾਹ ਦਸਣ ਨਾਲੋਂ ਕੁਰਸੀ ਨਾਲ ਜਿਆਦਾ ਪਿਆਰ ਸੀ ਜੋ ਤੁਸੀਂ ਓਸ ਸਮੇਂ ਗੂੰਗੇ ਬਣ ਕੇ ਕੁਰਸੀ ਨਾਲ ਚਿਪਕੇ ਰਹੇ ਜਿਸ ਤਰ੍ਹਾਂ ਹੁਣ ਤੁਸੀਂ ਵੀ ਚੋਣਾਂ ਨਾ ਕਰਵਾਕੇ ਚਿਪਕ ਕੇ ਬੈਠੇ ਹੋਏ ਹੋ। ਅੰਤ ਵਿਚ ਉਨ੍ਹਾਂ ਕਿਹਾ ਜਿਹੜਾ ਰਾਜ ਸੱਤਾ ਨਾਲ ਜਾ ਰਲਦਾ ਹੈ, ਉਸਦਾ ਦਿਸ਼ਾਹੀਣ ਦੇ ਨਾਲ ਦ੍ਰਿਸ਼ਟੀਹੀਣ ਹੋ ਜਾਣਾ ਸੁਭਾਵਿਕ ਹੈ ਕਿਉਕਿ ਤੁਸੀਂ ਪੰਥ ਦੇ ਗੰਭੀਰ ਮੁੱਦਿਆਂ ਤੇ ਵਿਚਾਰਾਂ ਨਾ ਕਰਕੇ ਪੰਥ ਨੂੰ ਦੁਫਾੜ ਕਰਣ ਵਾਲਿਆਂ ਦਾ ਸਾਥ ਦੇ ਰਹੇ ਹੋ।

ਗਿਆਨੀ ਰਘਬੀਰ ਸਿੰਘ ਜੀ ਵੱਲੋਂ

# ਲਗਾਏ ਗੰਭੀਰ ਦੋਸ਼ਾਂ ਨੂੰ ਦਬਾਉਣ ਦੀ ਬਜਾਏ ਹੋਵੇ ਨਿਰਪੱਖ ਜਾਂਚ : ਬਾਪੂ ਤਰਸੇਮ ਸਿੰਘ



**ਅੰਮ੍ਰਿਤਸਰ, 20 ਫਰਵਰੀ (ਆਵਾਜ਼ਿ ਕੌਮ ਬਿਊਰੋ)-**ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਨੇ ਇਕ ਪ੍ਰੈਸ ਨੋਟ ਰਾਹੀਂ ਕਿਹਾ ਕਿ ਮੌਜੂਦਾ ਹਾਲਾਤ ਸਿਰਫ਼ ਸਿਆਸੀ ਤਕਰਾਰ ਨਹੀਂ, ਸਗੋਂ ਪੰਥ ਦੀ ਆਸਥਾ ਅਤੇ ਸੰਗਤ ਦੇ ਵਿਸ਼ਵਾਸ ਨਾਲ ਜੁੜਿਆ ਗੰਭੀਰ ਮਾਮਲਾ ਹੈ। ਉਹਨਾਂ ਕਿਹਾ ਕਿ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ੍ਰੀ ਦਰਬਾਰ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਰਘਬੀਰ ਸਿੰਘ ਵੱਲੋਂ ਲਗਾਏ ਗਏ ਭ੍ਰਿਸ਼ਟਾਚਾਰ, ਗੁਰੂ ਦੀ ਗੋਲਕ ਦੇ ਦੁਰਉਪਯੋਗ, ਪਾਵਨ ਸਰੂਪਾਂ ਸਬੰਧੀ ਦੋਸ਼ ਬਹੁਤ ਹੀ ਗੰਭੀਰ ਹਨ। ਇਹ ਇਲਜ਼ਾਮ ਕਿਸੇ ਇਕ ਵਿਅਕਤੀ ਤੱਕ ਸੀਮਿਤ ਨਹੀਂ ਰਹਿੰਦੇ, ਸਗੋਂ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪੂਰੀ ਪ੍ਰਬੰਧਕੀ ਪ੍ਰਣਾਲੀ ਤੇ ਸਵਾਲ ਖੜ੍ਹੇ ਕਰਦੇ ਹਨ। ਇਨ੍ਹਾਂ ਮਸਲਿਆਂ ਨੂੰ ਦਬਾਉਣ ਦੀ ਬਜਾਏ ਪਾਰਦਰਸ਼ੀ ਅਤੇ ਨਿਰਪੱਖ ਕਰਵਾਉਣੀ ਲਾਜ਼ਮੀ ਹੈ। ਬਾਪੂ ਜੀ ਨੇ ਕਿਹਾ ਕਿ ਉਹਨਾਂ ਨੂੰ ਬੇਹੱਦ ਅਫਸੋਸ ਹੈ ਕਿ ਅਜਿਹਾ ਕਰਨ ਦੀ ਬਜਾਏ ਐਸ ਜੀ ਪੀ ਸੀ ਦੇ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਵੱਲੋਂ 72 ਘੰਟਿਆਂ ਵਿੱਚ ਸਬੂਤ ਪੇਸ਼ ਕਰਨ ਦਾ ਨੋਟਿਸ ਜਾਰੀ ਕਰਕੇ ਇਕ ਸਿਆਸੀ ਪਰਿਵਾਰ ਦਾ ਪੱਖ ਪੂਰਿਆ ਜਾ ਰਿਹਾ ਹੈ ਜੋ ਗੰਭੀਰ ਚਿੰਤਾ ਦਾ ਵਿਸ਼ਾ ਹੈ। ਕਮੇਟੀ ਉੱਪਰ ਭ੍ਰਿਸ਼ਟਾਚਾਰ ਦੇ ਲੱਗੇ ਇਲਜ਼ਾਮਾਂ ਦੀ ਨਿਰਪੱਖ ਜਾਂਚ ਕਰਨ ਦੀ ਥਾਂ ਕਾਨੂੰਨੀ ਤਰੀਕੇ ਨਾਲ ਪੜਦੇ ਪਾ ਕੇ ਮਾਮਲੇ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਜੋ ਕਿ ਸਿੱਖ ਕੌਮ ਦੀ ਸਿਰਮੌਰ ਸੰਸਥਾ ਉਪਰੋਂ ਸੰਗਤ ਦੇ ਵਿਸ਼ਵਾਸ ਨੂੰ ਤੋੜਨ ਦੇ ਬਰਾਬਰ ਹੈ। ਉਹਨਾਂ ਜ਼ੋਰ ਦੇ ਕੇ ਕਿਹਾ ਕਿ ਗੁਰੂ ਘਰ ਅਤੇ ਸਿੱਖ ਸੰਸਥਾਵਾਂ ਹਰ ਤਰਾਂ ਦੇ ਸਿਆਸੀ ਪ੍ਰਭਾਵ ਤੋਂ ਉੱਪਰ ਹੋਣੀਆਂ ਚਾਹੀਦੀਆਂ ਹਨ। ਗੁਰੂ ਦੀ ਗੋਲਕ, ਦਸਵੰਧ ਅਤੇ ਪੰਥਕ ਜਾਇਦਾਦਾਂ ਸੰਗਤ ਦੀ ਅਮਾਨਤ ਹਨ ਅਤੇ ਹਰ ਪੈਸੇ ਦੀ ਪੂਰੀ ਹਿਸਾਬਦੇਹੀ ਜਨਤਕ ਹੋਣੀ ਚਾਹੀਦੀ ਹੈ ਅਤੇ ਧਾਮੀ ਸਾਹਿਬ ਨੂੰ ਆਪਣੇ ਅਹੁੱਦੇ ਦੀ ਮਰਿਆਦਾ ਕਾਇਮ ਰੱਖਦਿਆਂ ਸਿੱਖੀ ਦੇ ਮੂਲ ਸਿਧਾਂਤਾਂ ਅਨੁਸਾਰ ਨਿਰਪੱਖ, ਪਾਰਦਰਸ਼ੀ ਜਾਂਚ ਦੀ ਪ੍ਰਕਿਰਿਆ ਸ਼ੁਰੂ ਕਰਨੀ ਚਾਹੀਦੀ ਹੈ ਨਾਂ ਕਿ ਇਕ ਧੜੇ ਵੱਜੋਂ ਵਿਚਰਨਾਂ ਚਾਹੀਦਾ ਹੈ। ਅਖੀਰ ਵਿੱਚ ਉਨ੍ਹਾਂ ਕਿਹਾ ਕਿ ਇਹ ਸਮਾਂ ਕਿਸੇ ਧੜੇ ਦੀ ਰੱਖਿਆ ਕਰਨ ਦਾ ਨਹੀਂ, ਸੱਚ ਨੂੰ ਸਾਹਮਣੇ ਲਿਆਉਣ ਦਾ ਹੈ। ਪੰਥ ਹੁਣ ਸਪੱਸ਼ਟਤਾ, ਨਿਆਂ ਅਤੇ ਜਵਾਬਦੇਹੀ ਦੀ ਉਡੀਕ ਕਰ ਰਿਹਾ ਹੈ ਅਤੇ ਅਸੀਂ ਸੰਗਤ ਦੀ ਆਵਾਜ਼ ਵਜੋਂ ਇਸ ਮੰਗ 'ਤੇ ਡਟੇ ਰਹਿਣ ਦੇ ਨਾਲ-ਨਾਲ ਜਲਦ ਹੀ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਕਾਬਜ਼ ਧਿਰ ਦੀ ਛਤਰਛਾਇਆ ਹੇਠ ਹੋ ਰਹੇ ਹੋਰ ਘਪਲਿਆਂ ਨੂੰ ਵੀ ਜਲਦ ਸੰਗਤ ਦੀ ਕਚਿਹਰੀ ਵਿੱਚ ਲਿਆਂਦਾ ਜਾਵੇਗਾ।

**72 ਘੰਟਿਆ ਦਾ ਅਲਟੀਮੇਟਮ ਨਹੀਂ ਬਲਕਿ ਪਾਰਦਰਸ਼ਤਾ ਲਾਜ਼ਮੀ, ਸੰਗਤ ਨੂੰ ਪੂਰਾ ਹਿਸਾਬ ਚਾਹੀਦਾ ਹੈ**

ਪਿੰਡਾਂ ਦੇ ਸਰਪੰਚਾਂ ਪਾਸੋਂ ਨਵੇਂ ਸ਼ੁਰੂ ਕੀਤੇ ਜਾਣ ਵਾਲੇ

# ਵਿਕਾਸ ਕਾਰਜਾਂ ਲਈ ਲਏ ਸੁਝਾਅ : ਓ.ਐਸ.ਡੀ. ਸੁਖਵੀਰ ਸਿੰਘ

**ਧੂਰੀ (ਰਣਜੀਤ ਸਿੰਘ ਪੇਧਨੀ )-**ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਅੱਜ ਮੁੱਖ ਮੰਤਰੀ ਸਹਾਇਤਾ ਕੇਂਦਰ ਵਿਖੇ ਧੂਰੀ ਹਲਕੇ ਦੇ ਪਿੰਡਾਂ ਦੇ ਸਰਪੰਚਾਂ ਨਾਲ ਮੀਟਿੰਗ ਕੀਤੀ ਗਈ। ਇਸ ਦੌਰਾਨ ਉਨ੍ਹਾਂ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਸਬੰਧੀ ਸਰਪੰਚਾਂ ਪਾਸੋਂ ਫੀਡ ਬੈਕ ਪ੍ਰਾਪਤ ਕੀਤੀ ਅਤੇ ਨਵੇਂ ਸ਼ੁਰੂ ਕੀਤੇ ਜਾਣ ਵਾਲੇ ਵਿਕਾਸ ਕਾਰਜਾਂ ਸਬੰਧੀ ਸੁਝਾਅ ਲਏ। ਓ.ਐਸ.ਡੀ. ਸੁਖਵੀਰ ਸਿੰਘ ਨੇ ਸਰਪੰਚਾਂ ਨੂੰ ਕਿਹਾ ਕਿ ਪਿੰਡਾਂ ਦਾ ਵਿਕਾਸ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਹੈ ਅਤੇ ਹਰ ਪਿੰਡ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵਿਭਾਗੀ ਪੱਧਰ 'ਤੇ ਮਾਈਕਰੋ ਮੈਨੇਜਮੈਂਟ ਅਪਣਾਈ ਜਾ ਰਹੀ ਹੈ। ਉਨ੍ਹਾਂ ਪਿੰਡਾਂ ਵਿੱਚ ਗਲੀਆਂ-ਨਾਲੀਆਂ ਦੇ ਨਿਰਮਾਣ, ਇੰਟਰਲਾਕਿੰਗ ਟਾਈਲਾਂ, ਸਟਰੀਟ ਲਾਈਟਾਂ ਲਗਾਉਣ, ਟੋਭਿਆਂ ਦੀ ਸਫ਼ਾਈ ਅਤੇ ਸੁੰਦਰੀਕਰਨ, ਗਿੱਲੇ-ਸੁੱਕੇ ਕੂੜੇ ਦੇ ਪ੍ਰਬੰਧਨ, ਪਿੰਡ ਵਿੱਚ ਜਿਮ ਅਤੇ ਖੇਡ ਗਰਾਊਂਡਾਂ ਦੇ ਵਿਕਾਸ, ਨੌਜਵਾਨਾਂ ਲਈ ਲਾਇਬ੍ਰੇਰੀਆਂ, ਧਰਮਸ਼ਾਲਾਵਾਂ ਅਤੇ ਸੀ.ਸੀ.ਟੀ.ਵੀ. ਕੈਮਰਿਆਂ ਲਗਾਉਣ ਸਮੇਤ ਗੰਦੇ ਪਾਣੀ ਦੀ ਨਿਕਾਸੀ ਲਈ ਚੱਲ ਰਹੇ ਅਤੇ ਮੁਕੰਮਲ ਹੋਏ ਕੰਮਾਂ ਬਾਰੇ ਵੱਖ-ਵੱਖ ਸਰਪੰਚਾਂ ਤੋਂ ਵਿਸਥਾਰ ਨਾਲ ਫੀਡ ਬੈਕ ਪ੍ਰਾਪਤ ਕੀਤੀ। ਉਨ੍ਹਾਂ ਕਿਹਾ ਕਿ ਹਰ ਪਿੰਡ ਦੀਆਂ ਲੋੜਾਂ ਅਤੇ ਤਰਜੀਹਾਂ ਵੱਖਰੀਆਂ ਹੁੰਦੀਆਂ ਹਨ, ਇਸ ਲਈ ਸਰਕਾਰ ਵੱਲੋਂ ਸਥਾਨਕ ਨੁਮਾਇੰਦਿਆਂ ਨਾਲ ਲਗਾਤਾਰ ਸੰਪਰਕ ਰੱਖਦਿਆਂ ਵਿਕਾਸ ਯੋਜਨਾਵਾਂ ਤਿਆਰ ਕੀਤੀਆਂ ਜਾ ਰਹੀਆਂ ਹਨ। ਸਰਪੰਚਾਂ ਵੱਲੋਂ ਪੇਸ਼ ਕੀਤੇ ਗਏ ਸੁਝਾਵਾਂ ਨੂੰ ਸੰਬੰਧਤ ਵਿਭਾਗਾਂ ਤੱਕ ਤੁਰੰਤ ਭੇਜਿਆ ਜਾਵੇਗਾ ਤਾਂ ਜੋ ਮਨਜ਼ੂਰੀ ਅਤੇ ਕਾਰਵਾਈ ਤੁਰੰਤ ਅਮਲ ਵਿੱਚ ਲਿਆਂਦੀ ਜਾਵੇ। ਓ.ਐਸ.ਡੀ. ਸੁਖਵੀਰ ਸਿੰਘ ਨੇ ਦੱਸਿਆ ਕਿ ਧੂਰੀ ਹਲਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਬਾਰੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਰੋਜ਼ਾਨਾ ਅਧਾਰ 'ਤੇ ਰਿਪੋਰਟ ਲਈ ਜਾਂਦੀ ਹੈ ਅਤੇ ਪ੍ਰਗਤੀ ਦੀ ਨਿਗਰਾਨੀ ਖ਼ੁਦ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਪ੍ਰੋਜੈਕਟ ਵਿੱਚ



ਗੁਣਵੱਤਾ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ ਅਤੇ ਸਮੇਂ ਸਿਰ ਕਾਰਜ ਪੂਰੇ ਕਰਨ ਲਈ ਅਧਿਕਾਰੀਆਂ ਨੂੰ ਸਪਸ਼ਟ ਹਦਾਇਤਾਂ ਦਿੱਤੀਆਂ ਗਈਆਂ ਹਨ। ਮੀਟਿੰਗ ਦੌਰਾਨ ਸਰਪੰਚਾਂ ਨੇ ਆਪਣੇ-ਆਪਣੇ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਸਬੰਧੀ ਜਾਣਕਾਰੀ ਸਾਂਝੀ ਕੀਤੀ ਗਈ ਅਤੇ ਨਵੇਂ ਸ਼ੁਰੂ ਕੀਤੇ ਜਾਣ ਵਾਲੇ ਵਿਕਾਸ ਕਾਰਜਾਂ ਸਬੰਧੀ ਆਪਣੇ ਵਿਚਾਰ ਦਿੱਤੇ। ਇਸ ਮੌਕੇ ਏ.ਡੀ.ਸੀ. ਸੁਖਚੈਨ ਸਿੰਘ, ਮੁੱਖ ਮੰਤਰੀ ਫ਼ੀਲਡ ਅਫ਼ਸਰ ਅਰਵਿੰਦ ਕੁਮਾਰ, ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਬੀ.ਡੀ.ਪੀ.ਓ. ਸੁਖਵਿੰਦਰ ਸਿੰਘ, ਰਣਯੋਧ ਸਿੰਘ ਕਾਂਝਲਾ ਮੈਂਬਰ ਬਲਾਕ ਸੰਮਤੀ, ਸਰਪੰਚ ਜੱਗਾ ਭੋਜੋਵਾਲੀ, ਸਰਪੰਚ ਅੰਮ੍ਰਿਤ ਚਹਿਲ , ਸਰਪੰਚ ਦਲਵੀਰ ਸਿੰਘ ਧੰਦੀਵਾਲ, ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ, ਸਰਪੰਚ ਲਾਲੀ ਬੰਗਾਵਾਲੀ, ਰਮਨਦੀਪ ਸਿੰਘ ਸਮੇਤ ਧੂਰੀ ਹਲਕੇ ਦੇ ਵੱਖ-ਵੱਖ ਪਿੰਡਾਂ ਦੇ ਸਰਪੰਚ ਅਤੇ ਪੰਚ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

**ਧੂਰੀ ਹਲਕੇ 'ਚ ਚੱਲ ਰਹੇ ਵਿਕਾਸ ਕੰਮਾਂ ਦੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਰੋਜ਼ਾਨਾ ਲੈਂਦੇ ਨੇ ਰਿਪੋਰਟ : ਓ.ਐਸ.ਡੀ.**

# ਸਾਕਾ ਸ੍ਰੀ ਨਨਕਾਣਾ ਸਾਹਿਬ ਦੇ ਸ਼ਹੀਦਾਂ ਦੀ ਯਾਦ 'ਚ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ



**ਨਵੀਂ ਦਿੱਲੀ, 21 ਫ਼ਰਵਰੀ (ਮਨਪ੍ਰੀਤ ਸਿੰਘ ਖਾਲਸਾ):-** ਸੰਨ 1921 ਵਿਚ ਵਾਪਰੇ ਸਾਕਾ ਨਨਕਾਣਾ ਸਾਹਿਬ ਦੇ ਸ਼ਹੀਦਾਂ ਦੀ ਯਾਦ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਭਾਈ ਵਰਿੰਦਰ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਰਦਾਸ ਭਾਈ ਬਲਜੀਤ ਸਿੰਘ ਨੇ ਕੀਤੀ ਅਤੇ ਸੰਗਤ ਨੂੰ ਪਾਵਨ ਹੁਕਮਨਾਮਾ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੇ ਕਥਾਵਾਚਕ ਭਾਈ ਹਰਮਿੰਤਰ ਸਿੰਘ ਨੇ ਸਰਵਣ ਕਰਵਾਇਆ। ਇਸ ਮੌਕੇ ਕਥਾਵਾਚਕ ਭਾਈ ਹਰਮਿੰਤਰ ਸਿੰਘ ਸਾਕਾ ਸ੍ਰੀ ਨਨਕਾਣਾ ਸਾਹਿਬ ਦੇ ਸ਼ਹੀਦਾਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਦਿਆਂ ਕਿਹਾ ਕਿ ਸਾਡੇ ਪੁਰਖਿਆਂ ਨੇ ਗੁਰਦੁਆਰਾ ਸਾਹਿਬਾਨ ਨੇ ਪ੍ਰਬੰਧ ਨੂੰ ਪੰਥਕ ਹੱਥਾਂ ਵਿੱਚ ਲੈਣ ਲਈ ਅਨੇਕਾਂ ਕੁਰਬਾਨੀਆਂ ਦਿੱਤੀਆਂ। ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਅਸਥਾਨ ਨੂੰ ਅਖੌਤੀ ਮਹੰਤਾਂ ਤੋਂ ਅਜ਼ਾਦ ਕਰਵਾਉਣ ਲਈ ਸਿੱਖ ਯੋਧਿਆਂ ਨੇ ਜਿਸ ਦ੍ਰਿੜ੍ਹਤਾ ਅਤੇ ਦਲ੍ਹੇਰੀ ਦਾ ਪ੍ਰਗਟਾਵਾ ਕੀਤਾ, ਉਹ ਸਿੱਖ ਕੌਮ ਨੂੰ ਸੰਗਠਤ ਕਰਨ ਵਿਚ ਮੀਲ-ਪੱਥਰ ਸਾਬਤ ਹੋਇਆ। ਉਨ੍ਹਾਂ ਕਿਹਾ ਕਿ ਆਪਣੀਆਂ ਕੌਮੀ ਸੰਸਥਾਵਾਂ ਦੀ ਮਜ਼ਬੂਤੀ ਲਈ ਕੌਮ ਦੇ ਇਨ੍ਹਾਂ ਮਹਾਨ ਸ਼ਹੀਦਾਂ ਤੋਂ ਸੇਧ ਲੈ ਕੇ ਪੰਥਕ ਪਹਿਰੇਦਾਰੀ ਕਰਨੀ ਸਾਡਾ ਫਰਜ਼ ਹੈ। ਇਸੇ ਦੌਰਾਨ ਢਾਡੀ ਭਾਈ ਗੁਰਪ੍ਰੀਤ ਸਿੰਘ ਦੇ ਜਥੇ ਵੱਲੋਂ ਵੀ ਸੰਗਤ ਨੂੰ ਗੁਰ-ਇਤਿਹਾਸ ਨਾਲ ਜੋੜਿਆ ਗਿਆ। ਸਮਾਗਮ ਸਮੇਂ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਪਾਲ ਸਿੰਘ ਢੱਡੇ, ਵਧੀਕ ਮੈਨੇਜਰ ਸ. ਬਿਕਰਮਜੀਤ ਸਿੰਘ ਝੰਗੀ, ਸ. ਜਸਬੀਰ ਸਿੰਘ, ਸ. ਗੁਰਤਿੰਦਪਾਲ ਸਿੰਘ ਕਾਦੀਆਂ, ਮੀਤ ਮੈਨੇਜਰ ਸ. ਦਿਲਬਾਗ ਸਿੰਘ ਆਦਿ ਮੌਜੂਦ ਸਨ।

# ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਵਿੱਚ 10 ਬੈਂਡ ਦਾ ਡੀ-ਐਡਿਕਸ਼ਨ ਸੈਂਟਰ ਜਲਦੀ ਹੋਵੇਗਾ ਸ਼ੁਰੂ- ਡਾ. ਰਵੀ ਕਾਂਤ ਗੁਪਤਾ



**ਤਲਵੰਡੀ ਸਾਬੋ, 21 ਫਰਵਰੀ (ਗੁਰਜੰਟ ਸਿੰਘ ਨਥੇਹਾ)-**ਪਿਛਲੇ ਦਿਨ ਐਸ.ਐਮ.ਓ ਤਲਵੰਡੀ ਸਾਬੋ ਡਾ. ਰਵੀਕਾਂਤ ਗੁਪਤਾ ਵੱਲੋਂ ਪੰਜਾਬ ਦੇ ਸਿਹਤ ਮੰਤਰੀ ਡਾ. ਬਲਵੀਰ ਸਿੰਘ ਨਾਲ ਉਹਨਾਂ ਦੇ ਦਫ਼ਤਰ, ਸਿਵਲ ਸਕੱਤਰਾਲਿਆ ਚੰਡੀਗੜ੍ਹ ਵਿਖੇ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਤਲਵੰਡੀ ਸਾਬੋ ਦੇ ਸਿਵਲ ਹਸਪਤਾਲ ਵਿੱਚ 10 ਬੈੱਡਾਂ ਵਾਲਾ ਡੀ-ਐਡਿਕਸ਼ਨ ਸੈਂਟਰ ਸ਼ੁਰੂ ਕਰਨ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਸੈਂਟਰ ਦੀ ਸ਼ੁਰੂਆਤ ਨਾਲ ਇਲਾਕੇ ਦੇ ਨਸ਼ਾ ਪੀੜਤ ਮਰੀਜ਼ਾਂ ਨੂੰ ਇਲਾਜ ਅਤੇ ਕਾਊਂਸਲਿੰਗ ਦੀਆਂ ਸੁਵਿਧਾਵਾਂ ਸਥਾਨਕ ਪੱਧਰ 'ਤੇ ਹੀ ਉਪਲਬਧ ਹੋਣਗੀਆਂ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਰਵੀ ਕਾਂਤ ਗੁਪਤਾ ਨੇ ਦੱਸਿਆ ਕਿ ਸਿਹਤ ਮੰਤਰੀ ਡਾ. ਬਲਵੀਰ ਸਿੰਘ ਨੇ ਐਸ.ਐਮ.ਓ ਤਲਵੰਡੀ ਸਾਬੋ ਨੂੰ ਜਲਦੀ ਤੋਂ ਜਲਦੀ ਡੀ-ਐਡਿਕਸ਼ਨ ਸੈਂਟਰ ਸ਼ੁਰੂ ਕਰਨ ਲਈ ਪ੍ਰੋਤਸਾਹਿਤ ਕੀਤਾ ਅਤੇ ਭਰੋਸਾ ਦਿੱਤਾ ਕਿ ਸਰਕਾਰ ਵੱਲੋਂ ਹਰ ਸੰਭਵ ਸਹਿਯੋਗ ਪ੍ਰਦਾਨ ਕੀਤਾ ਜਾਵੇਗਾ। ਡਾ. ਗੁਪਤਾ ਨੇ ਦੱਸਿਆ ਕਿ ਡੀ-ਐਡਿਕਸ਼ਨ ਸੈਂਟਰ ਦੀ ਸਥਾਪਨਾ ਨਾਲ ਇਲਾਕੇ ਵਿੱਚ ਨਸ਼ਾ ਮੁਕਤੀ ਅਭਿਆਨ ਨੂੰ ਹੋਰ ਮਜ਼ਬੂਤੀ ਮਿਲੇਗੀ ਅਤੇ ਨੌਜਵਾਨਾਂ ਨੂੰ ਨਸ਼ੇ ਦੀ ਲਤ ਤੋਂ ਬਚਾਉਣ ਵਿੱਚ ਮਦਦ ਮਿਲੇਗੀ।

# ਅਧਿਆਪਕਾਂ ਉੱਤੇ ਜਬਰੀ ਥੋਪੀ 'ਟੈੱਟ' ਦੀ ਸ਼ਰਤ ਹਟਾਉਣ ਲਈ ਅਧਿਆਪਕ ਆਗੂ ਵਿਧਾਇਕ ਜਸਵੀਰ ਰਾਜਾ ਨੂੰ ਮਿਲੇ

**ਟਾਂਡਾ, ਹੁਸ਼ਿਆਰਪੁਰ, 21 ਫ਼ਰਵਰੀ (ਆਵਾਜ਼ਿ ਕੌਮ ਬਿਊਰੋ)-**ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਪਹਿਲੀ ਅਧਿਆਪਕ ਯੋਗਤਾ ਪ੍ਰੀਖਿਆ (ਟੀ.ਈ.ਟੀ.) ਹੋਣ ਤੋਂ ਪਹਿਲਾ ਨਿਯੁਕਤ ਹੋਏ ਅਧਿਆਪਕਾਂ ਉੱਪਰ ਟੀ.ਈ.ਟੀ. ਦੀ ਲੱਗੀ ਸ਼ਰਤ ਨੂੰ ਹਟਵਾਉਣ ਲਈ ਦਸੂਹਾ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਦੇ ਇੱਕ ਵਫ਼ਦ ਨੇ ਮਾਸਟਰ ਕੇਡਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਖਦੇਵ ਸਿੰਘ ਕਾਜਲ, ਸਰਪ੍ਰਸਤ ਹਰਭਜਨ ਸਿੰਘ ਬੈਰਮਪੁਰ, ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ (ਡੀ.ਟੀ.ਐੱਫ਼.) ਦੇ ਜ਼ਿਲ੍ਹਾ ਜਨਰਲ ਸਕੱਤਰ ਇੰਦਰ ਸੁਖਦੀਪ ਸਿੰਘ ਓਢਰਾ, ਬਲਾਕ ਪ੍ਰਧਾਨ ਦਲਜੀਤ ਸਿੰਘ ਮੂਨਕ ਅਤੇ ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ (ਪੀ.ਪੀ.ਪੀ.ਐੱਫ਼.) ਦੇ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਦਸੂਹਾ ਅਤੇ ਬਲਾਕ ਪ੍ਰਧਾਨ ਰਾਜਵਿੰਦਰ ਸਿੰਘ ਬੁੱਢੀ ਪਿੰਡ ਦੀ ਅਗਵਾਈ ਹੇਠ ਵਿਧਾਨ ਸਭਾ ਹਲਕਾ ਉੜਮੁੜ ਦੇ ਵਿਧਾਇਕ ਸ. ਜਸਵੀਰ ਸਿੰਘ ਰਾਜਾ ਗਿੱਲ ਨਾਲ਼ ਉਨ੍ਹਾਂ ਦੀ ਟਾਂਡਾ ਸਥਿਤ ਰਿਹਾਇਸ਼ ਵਿਖੇ ਮੁਲਾਕਾਤ ਕੀਤੀ ਅਧਿਆਪਕ ਆਗੂਆਂ ਨੇ ਵਿਧਾਇਕ ਸ. ਗਿੱਲ ਨੂੰ ਦੱਸਿਆ ਕਿ ਸਿੱਖਿਆ ਅਧਿਕਾਰ ਕਾਨੂੰਨ ਤਹਿਤ ਪਹਿਲੀ ਵਾਰ ਸਾਲ 2011 ਵਿੱਚ ਸ਼ੁਰੂ ਕੀਤੇ ਗਏ ਟੀ.ਈ.ਟੀ. ਨੂੰ ਉਸ ਤੋਂ ਪਹਿਲਾਂ ਦੀਆਂ ਭਰਤੀਆਂ 'ਤੇ ਥੋਪਣਾ ਨਿਆ-ਸੰਗਤ ਨਹੀਂ ਹੈ, ਕਿਉਂਕਿ ਭਰਤੀ ਤੋਂ ਪਹਿਲਾਂ 'ਟੈੱਟ' ਪਾਸ ਕਰਨ ਦੀ ਸ਼ਰਤ ਦੇ ਹੋਣ ਦਾ ਮਤਲਬ ਉਨ੍ਹਾਂ ਦੇ ਅਧਿਆਪਕ ਬਣਨ ਦੀ ਯੋਗਤਾ ਦੀ ਪ੍ਰੀਖਿਆ ਹੈ, ਦਹਾਕਿਆਂ ਤੋਂ ਅਧਿਆਪਨ ਕਿੱਤੇ ਨਾਲ ਜੁੜੇ ਹੋਏ ਅਧਿਆਪਕਾਂ ਦੀ ਅਜਿਹੀ ਪ੍ਰੀਖਿਆ ਲੈਣ ਦਾ ਕੋਈ ਮਤਲਬ ਨਹੀਂ ਬਣਦਾ ਹੈ। ਆਗੂਆਂ ਨੇ ਦੱਸਿਆ ਕਿ 2011 ਤੋਂ ਪਹਿਲਾਂ ਭਰਤੀ ਹੋਏ ਅਧਿਆਪਕ ਵੀ ਆਪਣੇ ਸਮੇਂ ਵਿੱਚ ਹੁੰਦੀਆਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਪਾਸ ਕਰਕੇ ਜਾਂ ਮੈਰਿਟ ਅਧਾਰਿਤ ਮਾਪਦੰਡਾਂ ਵਿੱਚ ਚੁਣੇ ਜਾਣ ਉਪਰੰਤ ਹੀ ਨੌਕਰੀਆਂ ਵਿੱਚ ਆਏ ਹਨ।

ਸੁਭਾਗੇ 21 ਜੋੜਿਆਂ ਦੇ ਅਨੰਦ ਕਾਰਜ ਗੁਰਦੁਆਰਾ ਦਾਦੂ ਸਾਹਿਬ ਵਿਖੇ ਅੱਜ

# ਮਹਾਨ ਨਗਰ ਕੀਰਤਨ ਚੜ੍ਹਦੀਕਲਾ ਵਿੱਚ ਹੋਏ ਸੰਪੂਰਨ- ਜਥੇਦਾਰ ਦਾਦੂਵਾਲ

## ਸਿੱਖ ਸੰਗਤਾਂ ਵੱਲੋਂ ਸਾਰੇ ਪੜਾਵਾਂ ਉੱਪਰ ਗੁਰੂ ਕੇ ਲੰਗਰ ਲਗਾ ਕੇ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ ਸਿੱਖ ਸੰਗਤਾਂ ਦੇ ਉਤਸ਼ਾਹ ਨਾਲ ਮਹਾਨ ਨਗਰ ਕੀਰਤਨ ਚੜ੍ਹਦੀਕਲਾ ਨਾਲ ਸੰਪੂਰਨ ਹੋਏ













ਆਵਾਜ਼ਿ ਕੌਮ
AWAZE QAUM
International Newspaper & WEB TV







ਤਲਵੰਡੀ ਸਾਬੋ/ ਕਾਲਾਂਵਾਲੀ, 21 ਫਰਵਰੀ (ਗੁਰਜੰਟ ਸਿੰਘ ਨਥੇਹਾ)- ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਪਿੰਡ ਦਾਦੂ ਜਿਲਾ ਸਿਰਸਾ ਵਿਖੇ ਅਸਥਾਨ ਦੇ ਮੁੱਖ ਸੇਵਾਦਾਰ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਸੁੱਖ ਸੇਵਾ ਸਿਮਰਨ ਟਰਸਟ ਰਜਿਸਟਰਡ ਅਤੇ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸੁਚੱਜੀ ਦੇਖ ਰੇਖ ਵਿੱਚ ਸਲਾਨਾ ਗੁਰਮਤਿ ਸਮਾਗਮ ਅਤੇ 21 ਸਭਾਗੇ ਜੋੜਿਆਂ ਦੇ ਆਨੰਦ ਕਾਰਜ ਦੇ ਸਮਾਗਮ ਧੁਰ ਕੀ ਬਾਣੀ ਦੇ ਸ਼੍ਰੀ ਅਖੰਡ ਪਾਠਾਂ ਨਾਲ ਆਰੰਭ ਹੋਏ ਜਿਨਾਂ ਦੇ ਭੋਗ ਕੱਲ 21 ਫਰਵਰੀ ਨੂੰ ਸਵੇਰ ਵੇਲੇ ਪਾਏ ਗਏ ਉਪਰੰਤ ਮਹਾਨ ਨਗਰ ਕੀਰਤਨ ਕੀਤੇ ਗਏ ਜਿਸ ਦਾ ਵੱਖ-ਵੱਖ 4 ਪੜਾਵਾਂ ਵਾਟਰ ਵਰਕਸ ਢਾਣੀ, ਖੋਡਪੱਤੀ, ਬਾਬਾ ਰਾਮਦੇਵ ਮੰਦਿਰ, ਦਾਦੂ ਪੱਤੀ ਵਿੱਚ ਭਰਵਾਂ ਸਵਾਗਤ ਕੀਤਾ ਗਿਆ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸੁੰਦਰ ਪਾਲਕੀ ਅਤੇ ਪੰਜ ਪਿਆਰੇ ਸਾਹਿਬਾਨਾਂ ਦੀ ਅਗਵਾਈ ਚ ਮਹਾਨ ਨਗਰ ਕੀਰਤਨ ਕੀਤਾ ਗਿਆ। ਜਥੇਦਾਰ ਦਾਦੂਵਾਲ ਦੇ ਸਹਾਇਕ ਭਾਈ ਜਗਮੀਤ ਸਿੰਘ ਬਰਾੜ ਨੇ ਦੱਸਿਆ ਕਿ ਇਸ ਸਾਲ ਦੇ ਸਮਾਗਮ 350 ਸਾਲਾ ਸ਼ਹੀਦੀ ਸ਼ਤਾਬਦੀ ਸ੍ਰੀ ਗੁਰੂ ਤੇਗ ਬਹਾਦਰ ਜੀ ਮਹਾਰਾਜ ਭਾਈ ਮਤੀਦਾਸ ਭਾਈ ਸਤੀਦਾਸ ਭਾਈ ਦਿਆਲਾ ਜੀ ਦੀ ਯਾਦ ਵਿੱਚ ਕੀਤੇ ਜਾ ਰਹੇ ਹਨ ਜਿਸ ਵਿੱਚ ਇਲਾਕੇ ਦੇ 21 ਲੋੜਵੰਦ ਪਰਿਵਾਰਾਂ ਦੀਆਂ ਬੱਚੀਆਂ ਦੇ ਅਨੰਦ ਕਾਰਜ ਅੱਜ ਖੁੱਲੇ ਪੰਡਾਲਾਂ ਵਿੱਚ ਕੀਤੇ ਜਾਣਗੇ ਅਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ 21 ਧੀਆਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਵਿਦਾ ਕੀਤਾ ਜਾਵੇਗਾ ਸਮਾਗਮ ਜਿਸ ਵਿੱਚ ਤਖ਼ਤ ਸਾਹਿਬਾਨਾਂ ਦੇ ਜਥੇਦਾਰ ਸੰਤ ਮਹਾਂਪੁਰਸ਼ ਧਾਰਮਿਕ ਅਤੇ ਰਾਜਨੀਤਿਕ ਆਗੂ ਸਿੱਖ ਸੰਗਤਾਂ ਸਭਾਗੇ ਜੋੜਿਆ ਨੂੰ ਅਸ਼ੀਰਵਾਦ ਦੇਣਗੇ ਭਾਈ ਬਰਾੜ ਨੇ ਦੱਸਿਆ ਕਿ ਮਹਾਨ ਨਗਰ ਕੀਰਤਨ ਵਿੱਚ ਸਿੰਘ ਸਾਹਿਬ ਗਿਆਨੀ ਬਲਦੇਵ ਸਿੰਘ ਜਥੇਦਾਰ ਤਖਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਹੈਡ ਗ੍ਰੰਥੀ ਤਖਤ ਸ਼੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਬਾਬਾ ਪ੍ਰਦੀਪ ਸਿੰਘ ਚਾਂਦਪੁਰਾ ਪੰਥਕ ਸੇਵਾ ਲਹਿਰ ਦਾਦੂ ਸਾਹਿਬ ਜਥੇਬੰਦੀ, ਸੰਤ ਮਹੇਸ਼ ਮੁਨੀ ਜੀ ਉਦਾਸੀਨ ਵੱਡਾ ਅਖਾੜਾ ਕੁਰੂਕਸ਼ੇਤਰ, ਭਾਈ ਸਰਬਜੀਤ ਸਿੰਘ ਜੰਮੂ ਸਕੱਤਰ ਹਰਿਆਣਾ ਸਕੱਤਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਬਾਬਾ ਸਤਨਾਮ ਸਿੰਘ ਗੁਰਦੁਆਰਾ 34 ਸਿੰਘ ਸ਼ਹੀਦਾਂ ਸ਼ਾਹਪੁਰ ਬੇਲਾ ਅਤੇ ਇਲਾਕੇ ਦੇ ਗੁਰੂ ਘਰਾਂ ਤੋਂ ਗ੍ਰੰਥੀ ਸਿੰਘ ਪ੍ਰਬੰਧਕ ਕਮੇਟੀਆਂ ਪੰਚ ਸਰਪੰਚ ਪੁੱਜੇ ਹੋਏ ਸਨ ਸਿੱਖ ਸੰਗਤਾਂ ਵੱਲੋਂ ਸਾਰੇ ਪੜਾਵਾਂ ਉੱਪਰ ਗੁਰੂ ਕੇ ਲੰਗਰ ਲਗਾ ਕੇ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ ਸਿੱਖ ਸੰਗਤਾਂ ਦੇ ਉਤਸ਼ਾਹ ਨਾਲ ਮਹਾਨ ਨਗਰ ਕੀਰਤਨ ਚੜ੍ਹਦੀਕਲਾ ਨਾਲ ਸੰਪੂਰਨ ਹੋਏ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਵਿਸ਼ਵ ਭਾਈ ਮਰਦਾਨਾ ਜੀ ਕੀਰਤਨ ਦਰਬਾਰ ਦੇ ਪਹਿਲੇ ਦਿਨ

# ਰਾਗੀ ਜਥੇ ਵਲੋਂ ਨਿਰੰਤਰ ਕੀਰਤਨ ਕੀਤਾ







**ਫ਼ਿਰੋਜ਼ਪੁਰ, 21 ਫਰਵਰੀ (ਮਨੋਹਰ ਲਾਲ)** :— ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੋਸਾਇਟੀ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 34ਵਾਂ ਵਿਸ਼ਵ ਭਾਈ ਮਰਦਾਨਾ ਕੀਰਤਨ ਦਰਬਾਰ 21 ਫਰਵਰੀ ਅੱਜ ਆਰੰਭ ਕੀਤਾ ਗਿਆ। ਪਹਿਲੇ ਦਿਨ ਰਾਗੀ ਸਾਹਿਬਾਨ ਵੱਲੋਂ ਤਕਰੀਬਨ 1 ਵਜੇ ਤੋਂ ਲੈ ਕੇ ਰਾਤ ਤੱਕ ਕੀਰਤਨ ਨਿਰੰਤਰ ਕੀਤਾ ਗਿਆ, ਜਿਸ ਵਿੱਚ ਪ੍ਰੋਗਰਾਮ ਦੀ ਸ਼ੁਰੂਆਤ ਭਾਈ ਗੁਰਸ਼ਰਨ ਜੀਤ ਸਿੰਘ ਖਾਲਸਾ ਸੇਖਵਾਂ ਵਾਲੇ ਨੇ ਕੀਤੀ ਉਸ ਤੋਂ ਬਾਅਦ ਭਾਈ ਜਤਿੰਦਰ ਸਿੰਘ ਬੋਪਾ ਰਾਏ ਅਤੇ ਭਾਈ ਰਜੀਵ ਲੋਪੋ ਵਾਲਿਆਂ ਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਰਾਤ ਦੇ ਦੀਵਾਨ ਵਿੱਚ ਭਾਈ ਗੁਰਮੇਲ ਸਿੰਘ ਹਜ਼ੂਰੀ ਰਾਗੀ ਦਰਬਾਰ ਸਾਹਿਬ ਅਤੇ ਸੂਫੀ ਸੰਤ ਗੁਲਾਮ ਹੈਦਰ ਕਾਦਰੀ ਵੱਲੋਂ ਸੰਗਤਾਂ ਨੂੰ ਸੰਬੋਧਨ ਕੀਤਾ ਗਿਆ। ਇਸ ਮੌਕੇ ਭਾਈ ਸੰਦੀਪ ਸਿੰਘ, ਭਾਈ ਕਮਲਜੀਤ ਸਿੰਘ ਨੂੰ ਭਾਈ ਮਰਦਾਨਾ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ। ਭਾਈ ਮਰਦਾਨਾ ਜੀ ਪੁਰਸਕਾਰ ਸਾਲ ਵਿੱਚ ਇੱਕ ਕੀਰਤਨੀਏ ਸ਼ਖਸ਼ੀਅਤ ਨੂੰ ਦਿੱਤਾ ਜਾਂਦਾ ਹੈ ਗੁਰੂ ਕਾ ਲੰਗਰ ਪੂੜੀਆ ਛੋਲੇ ਸਾਰਾ ਦਿਨ ਨਿਰੰਤਰ ਚੱਲਦਾ ਰਿਹਾ ਅਗਲੇ ਦਿਨ ਵੀ ਇਹ ਪ੍ਰੋਗਰਾਮ 11 ਵਜੇ ਸ਼ੁਰੂ ਹੋ ਕੇ ਦੋ ਕੁ ਵਜੇ ਤੱਕ ਚੱਲੇਗਾ, ਜਿਸ ਵਿੱਚ ਦਸ ਗਰੀਬ ਲੜਕੀਆਂ ਦੇ ਸਮੂਹਿਕ ਵਿਆਹ ਕੀਤੇ ਜਾਣਗੇ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਪੰਡਾਲ ਵਿੱਚ ਪੁੱਜੋ ਅਤੇ ਗੁਰਬਾਣੀ ਦਾ ਕੀਰਤਨ ਦਾ ਆਨੰਦ ਮਾਣੋ। ਇਸ ਮੌਕੇ ਹਰਜੀਤ ਸਿੰਘ ਧਾਲੀਵਾਲ, ਇੰਦਰਪਾਲ ਸਿੰਘ ਪ੍ਰਿੰਸ ਰਣਬੀਰ ਸਿੰਘ ਰਾਣਾ, ਪਰਮਜੀਤ ਸਿੰਘ ਪੰਮਾ, ਦਰਸ਼ਨ ਲਾਲ ਹੀਰਾ, ਮਨੋਹਰ ਲਾਲ, ਮੋਹਨ ਸਿੰਘ, ਗੁਰਮੀਤ ਸਿੰਘ ਔਲਖ, ਗੁਰਦਿਆਲ ਸਿੰਘ ਬਿਰਖ ਆਦਿ ਹਾਜ਼ਰ ਸਨ।

### ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਲਹਿਰੀ ਵਿਖੇ

# ਵਿਸ਼ਵ ਮਾਂ ਬੋਲੀ ਦਿਵਸ ਮਨਾਇਆ ਗਿਆ







**ਤਲਵੰਡੀ ਸਾਬੋ, 21 ਫਰਵਰੀ (ਗੁਰਜੰਟ ਸਿੰਘ ਨਥੇਹਾ)**- ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਲਹਿਰੀ ਵਿਖੇ ਵਿਸ਼ਵ ਮਾਂ ਬੋਲੀ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਬੱਚਿਆਂ ਵੱਲੋਂ ਪੰਜਾਬੀ ਮਾਂ ਬੋਲੀ ਨੂੰ ਪ੍ਰਮੋਟ ਕਰਨ ਲਈ ਸੁੰਦਰ ਕੋਰਿਓਗ੍ਰਾਫੀ ਅਤੇ ਪ੍ਰੇਰਣਾਦਾਇਕ ਛੋਟੇ ਨਾਟਕ ਪੇਸ਼ ਕੀਤੇ ਗਏ। ਬੱਚਿਆਂ ਨੇ ਆਪਣੇ ਪ੍ਰਦਰਸ਼ਨਾਂ ਰਾਹੀਂ ਮਾਂ ਬੋਲੀ ਦੀ ਮਹੱਤਤਾ ਅਤੇ ਇਸਦੀ ਸੰਭਾਲ ਕਰਨ ਦਾ ਸੰਦੇਸ਼ ਦਿੱਤਾ। ਸਮਾਗਮ ਦੌਰਾਨ ਵਿਦਿਆਰਥੀਆਂ ਨੂੰ ਮੈਦਾਨ ਵਿੱਚ ਬਿਠਾ ਕੇ ਪੰਜਾਬੀ ਅੱਖਰਾਂ ਦੀ ਆਕ੍ਰਿਤੀ ਤਿਆਰ ਕਰਵਾਈ ਗਈ, ਜਿਸ ਨੇ ਸਭ ਦਾ ਮਨ ਮੋਹ ਲਿਆ। ਇਹ ਦ੍ਰਿਸ਼ ਮਾਂ ਬੋਲੀ ਪ੍ਰਤੀ ਪਿਆਰ ਅਤੇ ਸਤਿਕਾਰ ਦਾ ਪ੍ਰਤੀਕ ਬਣਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਲਖਵਿੰਦਰ ਸਿੰਘ ਸਿੱਧੂ ਨੇ ਬੱਚਿਆਂ ਨੂੰ ਮਾਂ ਬੋਲੀ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਪੰਜਾਬੀ ਸਾਡੀ ਪਛਾਣ ਹੈ ਅਤੇ ਇਸ ਦੀ ਰੱਖਿਆ ਕਰਨਾ ਸਾਡਾ ਫਰਜ ਹੈ। ਉਨ੍ਹਾਂ ਕਿਹਾ ਕਿ ਜੋ ਕੌਮ ਆਪਣੀ ਮਾਂ ਬੋਲੀ ਨੂੰ ਸਾਂਭਦੀ ਹੈ, ਉਹੀ ਕੌਮ ਤਰੱਕੀ ਦੇ ਰਸਤੇ 'ਤੇ ਮਜ਼ਬੂਤੀ ਨਾਲ ਅੱਗੇ ਵਧਦੀ ਹੈ। ਉਨ੍ਹਾਂ ਬੱਚਿਆਂ ਨੂੰ ਅਪੀਲ ਕੀਤੀ ਕਿ ਘਰ ਅਤੇ ਸਕੂਲ ਦੋਵੇਂ ਥਾਵਾਂ 'ਤੇ ਪੰਜਾਬੀ ਬੋਲਣ ਅਤੇ ਲਿਖਣ ਨੂੰ ਤਰਜੀਹ ਦੇਣ। ਇਸ ਮੌਕੇ ਸਕੂਲ ਪ੍ਰਬੰਧਕੀ ਕਮੇਟੀ ਦੀ ਪ੍ਰਧਾਨ ਸ੍ਰੀਮਤੀ ਜਸਵਿੰਦਰ ਕੌਰ ਸਿੱਧੂ ਅਤੇ ਸਕੱਤਰ ਸ਼੍ਰੀਮਤੀ ਪਰਮਜੀਤ ਕੌਰ ਸੇਖੋਂ ਨੇ ਵੀ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਮਾਂ ਬੋਲੀ ਸਾਡੀ ਸੰਸਕ੍ਰਿਤੀ ਅਤੇ ਵਿਰਾਸਤ ਦੀ ਨੀਂਹ ਹੈ। ਉਨ੍ਹਾਂ ਕਿਹਾ ਕਿ ਸਕੂਲ ਹਮੇਸ਼ਾ ਅਜਿਹੀਆਂ ਗਤੀਵਿਧੀਆਂ ਕਰਵਾਉਂਦਾ ਰਹੇਗਾ ਜਿਨ੍ਹਾਂ ਰਾਹੀਂ ਬੱਚਿਆਂ ਵਿੱਚ ਆਪਣੀ ਭਾਸ਼ਾ ਅਤੇ ਸੰਸਕਾਰਾਂ ਪ੍ਰਤੀ ਪਿਆਰ ਪੈਦਾ ਹੋਵੇ। ਸਮਾਗਮ ਦੇ ਅੰਤ ਵਿੱਚ ਬੱਚਿਆਂ ਨੂੰ ਮਾਂ ਬੋਲੀ ਦੀ ਮਹੱਤਤਾ ਬਾਰੇ ਜਾਗਰੂਕ ਕਰਦੇ ਹੋਏ ਪੰਜਾਬੀ ਭਾਸ਼ਾ ਨੂੰ ਅਪਣਾਉਣ ਦਾ ਸੰਕਲਪ ਵੀ ਦਿਵਾਇਆ ਗਿਆ।

# ਡਾਕਟਰ ਸੁਰਜੀਤ ਸਿੰਘ ਭੱਟੀ ਕੈਲਗਰੀ ਸਦੀਵੀ ਵਿਛੋੜਾ ਦੇ ਗਏ




**ਕੈਲਗਰੀ, 21 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਕੈਲਗਰੀ ਦੇ ਵਿਗਿਆਨਕ ਅਤੇ ਗੁਰਸਿੱਖ ਵਿਦਵਾਨ ਡਾਕਟਰ ਸੁਰਜੀਤ ਸਿੰਘ ਭੱਟੀ, ਰਿਟਾਇਰਡ ਡੀਨ ,ਗੁਰੂ ਨਾਨਕ ਯੂਨਵਰਸਿਟੀ ਅੰਮ੍ਰਿਤਸਰ ਅੱਜ ਸਵੇਰੇ ਸਦੀਵੀ ਵਿਛੋੜਾ ਦੇ ਗਏ ਹਨ। ਉਹ ਪਿਛਲੇ ਕੁਝ ਦਿਨਾਂ ਤੋਂ ਬੀਮਾਰ ਸਨ ਅਤੇ ਹਸਪਤਾਲ ਵਿੱਚ ਇਲਾਜ ਕਰਵਾ ਰਹੇ ਸਨ। ਪ੍ਰੋ. ਡਾ. ਸੁਰਜੀਤ ਸਿੰਘ ਭੱਟੀ – ਜਿਨ੍ਹਾਂ ਦਾ ਜਨਮ 1943 ਵਿੱਚ ਅੰਮ੍ਰਿਤਸਰ ਦੇ ਪਿੰਡ ਕੋਟ ਖਾਲਸਾ ਵਿੱਚ ਹੋਇਆ – ਇੱਕ ਅੰਤਰਰਾਸ਼ਟਰੀ ਪੱਧਰ ਦੇ ਭੌਤਿਕ ਵਿਗਿਆਨੀ , ਵਧੀਆ ਸਿੱਖਿਆ ਸ਼ਾਸਤਰੀ, ਕੁਸ਼ਲ ਪ੍ਰਬੰਧਕ ਅਤੇ ਸਿੱਖ ਵਿਦਵਾਨ ਸਨ ਉਨ੍ਹਾਂ ਦਾ ਬਚਪਨ ਲਾਹੌਰ ਵਿੱਚ ਬੀਤਿਆ, ਜਿੱਥੇ ਉਨ੍ਹਾਂ ਦੇ ਪਿਤਾ ਸਰਦਾਰ ਬਲਬੀਰ ਸਿੰਘ ਪੰਜਾਬ ਪੁਲਿਸ ਵਿੱਚ ਅਫ਼ਸਰ ਸਨ ਅਤੇ ਬਾਅਦ ਵਿੱਚ ਭਾਰਤੀ ਫੌਜ ਨਾਲ ਜੁੜੇ। ਫੌਜੀ ਪਰਿਵਾਰ ਹੋਣ ਕਰਕੇ ਉਨ੍ਹਾਂ ਨੇ ਦੇਸ਼ ਦੇ ਵੱਖ-ਵੱਖ ਸ਼ਹਿਰਾਂ – ਪੁਣੇ, ਜਬਲਪੁਰ ਅਤੇ ਅਲਹਾਬਾਦ – ਵਿੱਚ ਪੜ੍ਹਾਈ ਕੀਤੀ। ਨੌਜਵਾਨ ਦੌਰ ਵਿੱਚ ਉਨ੍ਹਾਂ ਦੀ ਐੱਨ ਡੀ ਏ ਖੜਕਵਾਸਲਾ ਵਿੱਚ ਚੋਣ ਹੋਈ ਤੇ ਉਹ ਕਮੀਸ਼ਨ ਪ੍ਰਾਪਤ ਕਰਨ ਵਾਲੇ ਸਨ, ਪਰ ਉਨ੍ਹਾਂ ਦੇ ਪਿਤਾ ਦੀ ਸਲਾਹ ਤੇ ਉਨ੍ਹਾਂ ਨੇ ਅੱਗੇ ਵਿਦਿਆ ਦਾ ਰਾਹ ਚੁਣਿਆ। ਇਹ ਫੈਸਲਾ ਉਨ੍ਹਾਂ ਦੇ ਜੀਵਨ ਦਾ ਅਸਲ ਮੋੜ ਸਾਬਤ ਹੋਇਆ ਉਨ੍ਹਾਂ ਨੇ ਇਲਾਹਾਬਾਦ ਯੂਨੀਵਰਸਿਟੀ ਤੋਂ ਫਿਜਿਕਸ ਵਿੱਚ ਪੀ. ਐਚ. ਡੀ.(1969) ਦੀ ਡਿਗਰੀ ਪ੍ਰਾਪਤ ਕੀਤੀ। ਉਸ ਤੋਂ ਬਾਅਦ ਉਨ੍ਹਾਂ ਨੇ ਇਟਲੀ, ਪੈਰਿਸ ਅਤੇ ਯੂ.ਐਸ.ਏ. ਤੋਂ ਵੱਖ-ਵੱਖ ਪ੍ਰਸਿੱਧ ਫੈਲੋਸ਼ਿਪ ਪੂਰੀਆਂ ਕੀਤੀਆਂ । 1972 ਵਿੱਚ ਡਾ. ਭੱਟੀ ਨੇ ਗੁਰੂ ਨਾਨਕ ਯੂਨੀਵਰਸਿਟੀ ਅੰਮ੍ਰਿਤਸਰ ਵਿੱਚ ਸ਼ਾਮਲ ਹੋ ਕੇ ਫਿਜਿਕਸ ਵਿਭਾਗ ਦੇ ਮੁਖੀ ਪ੍ਰੋਫੈਸਰ ਵਜੋਂ ਅਤੇ ਫੇਰ ਡੀਨ ਵਜੋਂ ਇੱਥੋਂ ਹੀ 2003 ਵਿੱਚ ਰਿਟਾਇਰ ਹੋਏ। ਸਿੱਖਿਆ ਸ਼ਾਸਤਰੀ ਵਜੋਂ ਉਹ ਬੀ ਕੇ ਐਸ ਇੰਜੀਨੀਅਰਿੰਗ ਕਾਲਜ ਅੰਮ੍ਰਿਤਸਰ ਦੇ ਸੰਸਥਾਪਕ ਡਾਇਰੈਕਟਰ ਬਣੇ ਅਤੇ ਬੜੂ ਸਾਹਿਬ ਕਾਲਜ ਆਫ ਇੰਜੀਨੀਅਰਿੰਗ ਨਾਲ ਜੁੜ ਕੇ ਅਕਾਲ ਇਟਰਨਲ ਯੂਨੀਵਰਸਿਟੀ ਦੇ ਵਿਕਾਸ ਵਿੱਚ ਮੁੱਖ ਭੂਮਿਕਾ ਨਿਭਾਈ ।ਆਦੇਸ਼ ਇੰਜੀਨੀਅਰਿੰਗ ਇੰਸਟੀਚਿਊਟ ਦੇ ਡਾਇਰੈਕਟਰ ਪ੍ਰਿੰਸੀਪਲ ਵੀ ਰਹੇ। ਆਪਣੇ 40 ਸਾਲਾਂ ਦੇ ਅਕਾਦਮਿਕ ਜੀਵਨ ਦੌਰਾਨ 17 ਪੀ ਐਚ ਡੀ ਅਤੇ 35 ਐਮ ਐਸ ਸੀ ਅਤੇ ਕਈ ਪੋਸਟ ਡਾਕਟਰੇਟ ਫੈਲੋਜ ਦੀ ਰਹਿਨੁਮਾਈ ਕੀਤੀ। ਉਹਨਾਂ ਨੇ 6 ਵੱਡੇ ਖੋਜ ਪ੍ਰੋਜੈਕਟ ਪੂਰੇ ਕੀਤੇ,100 ਤੋਂ ਵੱਧ ਖੋਜ ਪੱਤਰ ਅੰਤਰਰਾਸ਼ਟਰੀ ਜਰਨਲਾਂ ਲਈ ਲਿਖੇ ਅਤੇ 3 ਪਾਠ ਪੁਸਤਕਾਂ ਵੀ ਲਿਖੀਆਂ । ਉਹਨਾਂ ਨੂੰ ਵਿਗਿਆਨਕ ਖੋਜਾਂ ਵਿੱਚ ਉੱਚ ਯੋਗਦਾਨ ਲਈ ਕਈ ਮਾਣ ਸਨਮਾਨ ਮਿਲੇ ਜਿਨਾਂ ਵਿਚ ਅਲਟਰਾਸੋਨਿਕ ਸੋਸਾਇਟੀ ਆਫ ਇੰਡੀਆ ਵੱਲੋਂ ਲਾਈਫ ਟਾਈਮ ਅਚੀਵਮੈਂਟ ਐਵਾਰਡ ਪ੍ਰਮੁੱਖ ਹੈ। ਉਹ ਇੰਡੀਅਨ ਇੰਸਟੀਚਿਊਟ ਆਫ ਸਾਇੰਸ ਬੰਗਲੌਰ ਅਤੇ ਟਾਟਾ ਇੰਸਟੀਚਿਊਟ ਦੇ ਬੋਰਡ ਅਤੇ ਸੈਨੇਟ ਦੇ ਮੈਂਬਰ ਵੀ ਰਹੇ। ਵਿਗਿਆਨ ਦੇ ਨਾਲ ਨਾਲ ਡਾਕਟਰ ਭੱਟੀ ਨੇ ਗੁਰਮਤਿ ਸਿਧਾਂਤ ਅਤੇ ਫਲਸਫੇ ਦੇ ਪ੍ਰਸਾਰ ਲਈ ਵੀ ਭਰਪੂਰ ਯੋਗਦਾਨ ਪਾਇਆ। ਕੋਵਿਡ ਦੌਰਾਨ ਆਪਣੇ ਬੇਟੇ ਨੂੰ ਪ੍ਰੇਰਿਤ ਕਰਕੇ ਆਨਲਾਈਨ ਗੁਰਮਤਿ ਫੋਰਮ-ਈ ਦੀਵਾਨ ਸੋਸਾਇਟੀ ਸ਼ੁਰੂ ਕਰਵਾਈ। ਜਿਹੜੀ ਹੁਣ ਵੀ ਸਿੱਖ ਵਿਦਵਾਨਾਂ ਦੀ ਵਾਰਤਾ ਕਰਵਾਉਂਦੀ ਹੈ। ਇੱਕ ਆਨਲਾਈਨ ਮੈਗਜ਼ੀਨ ਸਾਂਝੀ ਵਿਰਾਸਤ ਦੇ ਮੁੱਖ ਸੰਪਾਦਕ ਰਹੇ ਜਿਸ ਰਾਹੀਂ ਗੁਰਬਾਣੀ ਦਾ ਵਿਗਿਆਨਕ ਗਿਆਨ ਹੁਣ ਤੱਕ ਦਿੱਤਾ ਜਾ ਰਿਹਾ ਹੈ। ਉਹਨਾਂ ਨੇ ਇੱਕ ਪੁਸਤਕ ਸਮ ਪ੍ਰੋਮੀਨੈਂਟ ਸਿੱਖ ਸਾਇੰਸਿਟਸ ਲਿਖੀ । ਅਤੇ ਇਸਦੇ ਦੂਸਰੇ ਭਾਗ ਤੇ ਕੰਮ ਕਰ ਰਹੇ ਸਨ, ਕਿ ਉਹਨਾਂ ਨੂੰ ਪਰਮੇਸ਼ਰ ਦਾ ਬੁਲਾਵਾ ਆ ਗਿਆ। ਉਹ ਦੇ ਦੋਵੇਂ ਬੇਟੇ ਡਾਕਟਰ ਬਲਰਾਜ ਸਿੰਘ ਭੱਟੀ ਅਤੇ ਡਾਕਟਰ ਰਾਜਬੀਰ ਸਿੰਘ ਭੱਟੀ ਗੁਰਸਿੱਖ ਵੀ ਹਨ ਅਤੇ ਉੱਚੀਆਂ ਪੋਸਟਾਂ ਤੇ ਕੰਮ ਕਰ ਰਹੇ ਹਨ। ਸਾਰਾ ਪਰਿਵਾਰ ਗੁਰਸਿੱਖੀ ਨੂੰ ਸਮਰਪਿਤ ਹੈ।

## ਮਹਾਂਪੁਰਖ ਸ੍ਰੀਮਾਨ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੇ ਖਿਲਾਫ ਕੂੜ ਪ੍ਰਚਾਰ ਕਰਨਾ ਬਰਦਾਸ਼ਤ ਨਹੀਂ ਹੋਵੇਗਾ—ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ



**ਫ਼ਿਰੋਜ਼ਪੁਰ, 21 ਫਰਵਰੀ (ਮਨੋਹਰ ਲਾਲ)** :— ਮੌਜੂਦਾ ਮੁਖੀ ਦਮਦਮੀ ਟਕਸਾਲ ਦੇ ਮਹਾਂਪੁਰਖ ਸ੍ਰੀਮਾਨ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੇ ਖਿਲਾਫ ਕੂੜ ਪ੍ਰਚਾਰ ਕਰਨਾ ਬਰਦਾਸ਼ਤ ਨਹੀਂ ਹੋਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮਹਾਂਪੁਰਖ ਸ੍ਰੀਮਾਨ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੀ ਦੂਰ ਅਦੇਸ਼ੀ ਕਿਸੇ ਨੂੰ ਭੁੱਲ ਨਹੀਂ ਹੈ, ਕਿਉਂਕਿ ਕਹਿਣਾ ਸਭ ਲਈ ਸੋਖਾ ਹੈ ਗੱਲਾਂ ਕਰਨੀਆਂ ਸੋਖੀਆਂ ਹਨ ਅਤੇ ਫੇਸਬੁੱਕ ਅਤੇ ਮੀਡੀਆ ਅਤੇ ਸੋਸ਼ਲ ਮੀਡੀਆ ਤੇ ਪੰਥ ਵਿਰੋਧੀ ਅਨਸਰਾਂ ਵੱਲੋਂ ਮਹਾਂਪੁਰਖ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੀ ਵਧਦੀ ਲੋਕ ਪ੍ਰਿਯਤਾ ਨੂੰ ਢਾਹ ਲਾਉਣ ਲਈ ਅਫਵਾਹਾਂ ਫੈਲਾਈਆਂ ਜਾ ਰਹੀਆਂ ਹਨ। ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਨੇ ਅੱਗੇ ਕਿਹਾ ਕਿ ਇਹੋ ਜਿਹੀਆਂ ਪੋਸਟਾਂ ਪੰਥਕ ਏਕਤਾ ਨੂੰ ਖਤਰਾ ਹੈ, ਅਜਿਹਾ ਕੂੜ ਪ੍ਰਚਾਰ ਸਿੱਖ ਕੌਮ ਦੀ ਅੰਦਰੂਨੀ ਏਕਤਾ ਲਈ ਘਾਤਕ ਹੈ। ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਨੇ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਬਿਨਾਂ ਪੁਸ਼ਟੀ ਕੀਤੇ ਕਿਸੇ ਵੀ ਵੀਡੀਓ ਜਾਂ ਪੋਸਟ ਨੂੰ ਅੱਗੇ ਸਾਂਝਾ ਨਾ ਕਰਨ ਅਤੇ ਗਲਤ ਬਿਆਨਬਾਜੀ ਕਰਨ ਵਾਲੇ ਅਨਸਰਾਂ ਨੂੰ ਤਾਕੀਦ ਕੀਤੀ ਕਿ ਉਹ ਪੰਥਕ ਮਰਿਯਾਦਾ ਦੇ ਉਲਟ ਅਜਿਹੀਆਂ ਹਰਕਤਾਂ ਤੋਂ ਤੁਰੰਤ ਬਾਜ ਆਉਣ।

ਅਟਾਰੀ-ਵਾਹਗਾ ਰੋਡ 'ਤੇ ਸਥਿਤ ਖਾਸਾ ਦਾਣਾ ਮੰਡੀ ਵਿੱਚ

# ਸ਼੍ਰੋਮਣੀ ਅਕਾਲੀ ਦਲ ਦੀ ਰੈਲੀ, ਸਿਆਸੀ ਤਾਕਤ ਦਾ ਪ੍ਰਦਰਸ਼ਨ



ਆਵਾਜ਼ਿ ਕੌਮ AWAZE QAUM International Newspaper & WEB TV

ਨਵੀਂ ਦਿੱਲੀ 21 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):– ਅੰਮ੍ਰਿਤਸਰ ਦੇ ਅਟਾਰੀ-ਵਾਹਗਾ ਰੋਡ 'ਤੇ ਸਥਿਤ ਖਾਸਾ ਦੀ ਦਾਣਾ ਮੰਡੀ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਇੱਕ ਵਿਸ਼ਾਲ ਰੈਲੀ ਆਯੋਜਿਤ ਕੀਤੀ ਗਈ। ਇਸ ਰੈਲੀ ਵਿੱਚ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਅਤੇ ਗੁਲਜ਼ਾਰ ਸਿੰਘ ਰਣੀਕੇ ਸਮੇਤ ਕਈ ਪ੍ਰਮੁੱਖ ਅਕਾਲੀ ਨੇਤਾ ਮੌਜੂਦ ਰਹੇ। ਰੈਲੀ ਦੌਰਾਨ ਪਾਰਟੀ ਆਗੂਆਂ ਨੇ ਸੂਬੇ ਦੀ ਮੌਜੂਦਾ ਸਰਕਾਰ 'ਤੇ ਤਿੱਖੇ ਸਿਆਸੀ ਹਮਲੇ ਕੀਤੇ ਅਤੇ ਆਉਣ ਵਾਲੇ ਸਮੇਂ ਲਈ ਅਕਾਲੀ ਦਲ ਦੀਆਂ ਨੀਤੀਆਂ ਜਨਤਾ ਸਾਹਮਣੇ ਰੱਖੀਆਂ। ਮੀਡੀਆ ਨਾਲ ਗੱਲਬਾਤ ਕਰਦਿਆਂ ਸੁਖਬੀਰ ਸਿੰਘ ਬਾਦਲ ਨੇ ਪੰਜਾਬ ਦੇ ਮੁੱਖ ਮੰਤਰੀ 'ਤੇ ਗੰਭੀਰ ਦੋਸ਼ ਲਗਾਏ। ਉਨ੍ਹਾਂ ਕਿਹਾ ਕਿ ਸੂਬੇ ਦਾ ਮੁੱਖ ਮੰਤਰੀ ਪੰਜਾਬ ਵਿੱਚ ਰਹਿਣ ਦੀ ਬਜਾਏ ਦੂਜੇ ਸੂਬਿਆਂ ਵਿੱਚ ਜਾ ਕੇ ਦਿੱਲੀ ਦੇ ਆਗੂਆਂ ਨਾਲ ਘੁੰਮਦਾ ਫਿਰਦਾ ਹੈ ਅਤੇ ਆਪਣੇ ਆਪ ਨੂੰ "ਡਰਾਈਵਰ" ਵਾਂਗ ਪੇਸ਼ ਕਰ ਰਿਹਾ ਹੈ। ਬਾਦਲ ਨੇ ਦੋਸ਼ ਲਗਾਇਆ ਕਿ ਗ੍ਰਹਿ ਮੰਤਰੀ ਹੋਣ ਦੇ ਬਾਵਜੂਦ ਮੁੱਖ ਮੰਤਰੀ ਨੇ ਚਾਰ ਸਾਲਾਂ ਵਿੱਚ ਨਾ ਤਾਂ ਸੁਰੱਖਿਆ ਸਬੰਧੀ ਕੋਈ ਅਹੰਕਾਰਪੂਰਕ ਮੀਟਿੰਗ ਕੀਤੀ ਅਤੇ ਨਾ ਹੀ ਕਦੇ ਐੱਸਐੱਸਪੀ ਪੱਧਰ 'ਤੇ ਕਾਨੂੰਨ–ਵਿਵਸਥਾ ਦੀ ਸਮੀਖਿਆ ਕੀਤੀ। ਉਨ੍ਹਾਂ ਸਵਾਲ ਉਠਾਇਆ ਕਿ ਜਦੋਂ ਨੇਤ੍ਰਤਵ ਹੀ ਜ਼ਮੀਨ ਨਾਲ ਜੁੜਿਆ ਨਾ ਹੋਵੇ, ਤਾਂ ਸੂਬਾ ਕਿਵੇਂ ਚੱਲੇਗਾ। ਸੁਖਬੀਰ ਬਾਦਲ ਨੇ ਗੈਂਗਸਟਰਵਾਦ ਦੇ ਮਸਲੇ 'ਤੇ ਵੀ ਸਰਕਾਰ ਨੂੰ ਘੇਰਦੇ ਹੋਏ ਕਿਹਾ ਕਿ ਅੱਜ ਪੰਜਾਬ ਵਿੱਚ ਅਪਰਾਧੀਆਂ ਦੇ ਹੌਸਲੇ ਬੁਲੰਦ ਹਨ। ਉਨ੍ਹਾਂ ਦਾਅਵਾ ਕੀਤਾ ਕਿ ਅਕਾਲੀ ਦਲ ਦੀ ਸਰਕਾਰ ਬਣਦੇ ਹੀ ਕਿਸੇ ਵੀ ਗੈਂਗਸਟਰ ਨੂੰ ਪੰਜਾਬ ਵਿੱਚ ਰਹਿਣ ਨਹੀਂ ਦਿੱਤਾ ਜਾਵੇਗਾ। ਚਾਹੇ ਅਪਰਾਧੀ ਦੇਸ਼ ਅੰਦਰ ਹੋਣ ਜਾਂ ਵਿਦੇਸ਼ਾਂ ਵਿੱਚ ਬੈਠ ਕੇ ਫਿਰੌਤੀਆਂ ਮੰਗ ਰਹੇ ਹੋਣ, ਸਭ ਨੂੰ ਫੜ ਕੇ ਕਾਨੂੰਨ ਦੇ ਕਟਘਰੇ ਵਿੱਚ ਲਿਆਂਦਾ ਜਾਵੇਗਾ। ਉਨ੍ਹਾਂ ਕਿਹਾ ਕਿ ਗੈਂਗਸਟਰਾਂ ਦੀ ਗੈਰਕਾਨੂੰਨੀ ਸੰਪਤੀ ਜ਼ਬਤ ਕਰ ਕੇ ਉਨ੍ਹਾਂ ਨੂੰ ਪੂਰੀ ਤਰ੍ਹਾਂ ਨੇਸਤਨਾਬੂਦ ਕੀਤਾ ਜਾਵੇਗਾ। ਉੱਥੇ ਹੀ ਬਿਕਰਮ ਸਿੰਘ ਮਜੀਠੀਆ ਨੇ ਮਹਿਲਾਵਾਂ ਨਾਲ ਜੁੜੇ ਵਾਅਦਿਆਂ ਨੂੰ ਲੈ ਕੇ ਸਰਕਾਰ 'ਤੇ ਹਮਲਾ ਬੋਲਿਆ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਨੇ ਪੰਜਾਬ ਦੀਆਂ ਧੀਆਂ–ਭੈਣਾਂ ਨਾਲ ਕੀਤੇ ਆਰਥਿਕ ਮਦਦ ਦੇ ਵਾਅਦੇ ਪੂਰੇ ਨਹੀਂ ਕੀਤੇ। ਪਹਿਲੇ ਦਿਨ ਤੋਂ ਹੀ ਖਾਤਿਆਂ ਵਿੱਚ ਪੈਸੇ ਪਾਉਣ ਦੇ ਦਾਅਵੇ ਕੀਤੇ ਗਏ ਸਨ, ਪਰ ਸਮਾਂ ਬੀਤਣ ਦੇ ਬਾਵਜੂਦ ਇਹ ਵਾਅਦਾ ਅਧੂਰਾ ਹੈ। ਮਜੀਠੀਆ ਨੇ ਕਿਹਾ ਕਿ ਮਹਿਲਾਵਾਂ ਨੂੰ "ਵੋਟ ਬੈਂਕ" ਸਮਝਣਾ ਉਨ੍ਹਾਂ ਦਾ ਅਪਮਾਨ ਹੈ, ਜਿਸ ਨੂੰ ਪੰਜਾਬ ਕਦੇ ਕਬੂਲ ਨਹੀਂ ਕਰੇਗਾ। ਰੈਲੀ ਦੌਰਾਨ ਗੁਲਜ਼ਾਰ ਸਿੰਘ ਰਣੀਕੇ ਨੇ ਵੀ ਸਰਕਾਰ ਦੀਆਂ ਨੀਤੀਆਂ ਨੂੰ ਨਾਕਾਮ ਦੱਸਦਿਆਂ ਕਿਹਾ ਕਿ ਪੰਜਾਬ ਨੂੰ ਮਜ਼ਬੂਤ ਅਤੇ ਸੁਰੱਖਿਅਤ ਬਣਾਉਣ ਲਈ ਅਕਾਲੀ ਦਲ ਹੀ ਇਕੋ ਇਕ ਵਿਕਲਪ ਹੈ। ਰੈਲੀ ਵਿੱਚ ਵੱਡੀ ਗਿਣਤੀ ਵਿੱਚ ਸਮਰਥਕ ਮੌਜੂਦ ਰਹੇ, ਜਿਸ ਨਾਲ ਸਾਫ਼ ਸੰਦੇਸ਼ ਗਿਆ ਕਿ ਸ਼੍ਰੋਮਣੀ ਅਕਾਲੀ ਦਲ ਆਉਣ ਵਾਲੀਆਂ ਚੋਣਾਂ ਲਈ ਪੂਰੀ ਤਰ੍ਹਾਂ ਸਰਗਰਮ ਹੋ ਚੁੱਕਾ ਹੈ।

**☛ ਮੁੱਖ ਮੰਤਰੀ ਭਗਵੰਤ ਮਾਨ 'ਤੇ ਤਿੱਖਾ ਹਮਲਾ: ਪੰਜਾਬ ਛੱਡ ਕੇ ਬਾਹਰ ਰਹਿਣ ਅਤੇ ਕਾਨੂੰਨ-ਵਿਵਸਥਾ ਦੀ ਅਣਦੇਖੀ ਦੇ ਦੋਸ਼ ☛ ਗੈਂਗਸਟਰਵਾਦ 'ਤੇ ਅਕਾਲੀ ਦਲ ਦਾ ਅਲਟੀਮੇਟਮ, ਸੱਤਾ ਵਿੱਚ ਆਉਂਦੇ ਹੀ ਸਖ਼ਤ ਕਾਰਵਾਈ ਦਾ ਦਾਅਵਾ**

ਪੰਜਾਬ ਦੇ ਮੁੱਖ ਸਕੱਤਰ ਕੇ. ਏ. ਪੀ. ਸਿਨਹਾ

# ਤਖਤ ਪਟਨਾ ਸਾਹਿਬ ਨਤਮਸਤਕ ਹੋਏ



ਨਵੀਂ ਦਿੱਲੀ, 21 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):– ਪੰਜਾਬ ਦੇ ਮੁੱਖ ਸਕੱਤਰ ਕੇ. ਏ. ਪੀ. ਸਿਨ੍ਹਾ ਨੇ ਤਖ਼ਤ ਸ੍ਰੀ ਪਟਨਾ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਮਹਾਰਾਜ ਦਾ ਆਸ਼ੀਰਵਾਦ ਲਿਆ ਅਤੇ ਪੰਜਾਬ ਦੀ ਖੁਸ਼ਹਾਲੀ, ਆਰਥਿਕ ਉੱਨਤੀ, ਤਰੱਕੀ ਅਤੇ ਪੰਜਾਬ ਵਾਸੀਆਂ ਵਿਚ ਆਪਸੀ ਭਾਈਚਾਰੇ ਤੇ ਸਾਂਝ ਲਈ ਅਰਦਾਸ ਕੀਤੀ। ਇਸ ਮੌਕੇ ਤਖ਼ਤ ਪਟਨਾ ਸਾਹਿਬ ਦੇ

ਆਵਾਜ਼ਿ ਕੌਮ AWAZE QAUM International Newspaper & WEB TV

ਜਥੇਦਾਰ ਗਿਆਨੀ ਬਲਦੇਵ ਸਿੰਘ ਵੱਲੋਂ ਮੁੱਖ ਸਕੱਤਰ ਕੇ. ਏ. ਪੀ. ਸਿਨਹਾ ਨੂੰ ਸਿਰੋਪਾ ਭੇਟ ਕੀਤਾ ਗਿਆ। ਪ੍ਰਧਾਨ ਜਗਜੋਤ ਸਿੰਘ ਸੋਹੀ ਨੇ ਮੁੱਖ ਸਕੱਤਰ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਉਨ੍ਹਾਂ ਤਖ਼ਤ ਪਟਨਾ ਸਾਹਿਬ ਦੇ ਪ੍ਰਬੰਧ ਦੀ ਸਰਾਹਨਾ ਕਰਦੇ ਹੋਏ ਕਿਹਾ ਕਿ ਹਰ ਧਾਰਮਿਕ ਸਥਾਨ 'ਤੇ ਇਸੇ ਤਰ੍ਹਾਂ ਦਾ ਪ੍ਰਬੰਧ ਹੋਣਾ ਚਾਹੀਦਾ ਹੈ। ਸ੍ਰੀ ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਸਕੱਤਰ ਕੇ. ਏ. ਪੀ. ਸਿਨਹਾ 1992 ਬੈਚ ਦੇ ਆਈ.ਪੀ.ਐਸ. ਕੈਡਰ ਨਾਲ ਸੰਬੰਧਿਤ ਹਨ ਅਤੇ ਉਨ੍ਹਾਂ ਵੱਲੋਂ ਪੰਜਾਬ ਅਤੇ ਪੰਜਾਬੀਅਤ ਲਈ ਕੀਤੇ ਜਾ ਰਹੇ ਕੰਮ ਕਾਬਿਲ–ਏ–ਤਾਰੀਫ਼ ਹਨ। ਉਨ੍ਹਾਂ ਦੱਸਿਆ ਕਿ ਅੱਜ ਜਦੋਂ ਮੁੱਖ ਸਕੱਤਰ ਤਖ਼ਤ ਪਟਨਾ ਸਾਹਿਬ ਦਰਸ਼ਨਾਂ ਲਈ ਪਹੁੰਚੇ ਤਾਂ ਉਨ੍ਹਾਂ ਨੇ ਸਮੂਹ ਪੰਜਾਬ ਵਿੱਚ ਅਮਨ–ਸ਼ਾਂਤੀ ਅਤੇ ਤਰੱਕੀ ਲਈ ਅਰਦਾਸ ਕੀਤੀ। ਉਨ੍ਹਾਂ ਪ੍ਰਬੰਧਕ ਕਮੇਟੀ ਨੂੰ ਅਪੀਲ ਕੀਤੀ ਕਿ ਪੰਜਾਬ ਤੋਂ ਆਉਣ ਵਾਲੇ ਸ਼ਰਧਾਲੂਆਂ ਲਈ ਹੋਰ ਵਧੀਆ ਸੁਵਿਧਾਵਾਂ ਪ੍ਰਦਾਨ ਕੀਤੀਆਂ ਜਾਣ ਤਾਂ ਜੋ ਹਜ਼ਾਰਾਂ ਮੀਲ ਦਾ ਸਫ਼ਰ ਤੈਅ ਕਰਕੇ ਤਖ਼ਤ ਸਾਹਿਬ ਦੇ ਦਰਸ਼ਨਾਂ ਲਈ ਆਉਣ ਵਾਲੇ ਸ਼ਰਧਾਲੂਆਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਨਾ ਹੋਵੇ। ਉਨ੍ਹਾਂ ਕਿਹਾ ਕਿ ਉਹ ਖੁਦ ਰੇਲ ਮੰਤਰਾਲੇ ਕੋਲੋਂ ਪੰਜਾਬ ਤੋਂ ਤਖ਼ਤ ਸਾਹਿਬ ਲਈ ਹੋਰ ਵੱਧ ਟ੍ਰੇਨਾਂ ਚਲਾਉਣ ਦੀ ਮੰਗ ਕਰਨਗੇ, ਕਿਉਂਕਿ ਇਸ ਵੇਲੇ ਪੰਜਾਬ ਤੋਂ ਇੱਥੇ ਕੇਵਲ ਇੱਕ–ਦੋ ਟ੍ਰੇਨਾਂ ਹੀ ਆਉਂਦੀਆਂ ਹਨ, ਜਿਸ ਕਾਰਨ ਸੰਗਤਾਂ ਨੂੰ ਬੁਕਿੰਗ ਲਈ ਕਾਫ਼ੀ ਸਮਾਂ ਇੰਤਜ਼ਾਰ ਕਰਨਾ ਪੈਂਦਾ ਹੈ।

ਸਰਕਾਰ ਦੀਆਂ ਗਲਤ ਨੀਤੀਆਂ ਨੇ ਪੰਜਾਬ ਦੀ ਜਵਾਨੀ ਰੋਲੀ : ਕਰਨੈਲ ਸਿੰਘ ਪੀਰ ਮੁਹੰਮਦ

# ਪੰਜਾਬ ਦੀਆਂ ਸਰਕਾਰੀ ਨੌਕਰੀਆਂ 'ਤੇ ਪਹਿਲਾ ਹੱਕ ਪੰਜਾਬੀਆਂ ਦਾ ਹੋਵੇ : ਪੀਰ ਮੁਹੰਮਦ



**ਚੰਡੀਗੜ੍ਹ, 21 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਮੀਤ ਪ੍ਰਧਾਨ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਰਪ੍ਰਸਤ ਸ. ਕਰਨੈਲ ਸਿੰਘ ਪੀਰ ਮੁਹੰਮਦ ਨੇ ਅੱਜ ਮੀਡੀਆ ਨਾਲ ਗੱਲਬਾਤ ਕਰਦਿਆਂ ਪੰਜਾਬ ਦੇ ਮੌਜੂਦਾ ਹਾਲਾਤ 'ਤੇ ਡੂੰਘੀ ਚਿੰਤਾ ਪ੍ਰਗਟਾਈ। ਉਨ੍ਹਾਂ ਨੇ ਕੇਂਦਰ ਅਤੇ ਰਾਜ ਸਰਕਾਰ ਨੂੰ ਨਿਸ਼ਾਨੇ 'ਤੇ ਲੈਂਦਿਆਂ ਕਿਹਾ ਕਿ ਅੱਜ ਪੰਜਾਬ ਦਾ ਕਿਸਾਨ ਅਤੇ ਨੌਜਵਾਨ ਦੋਵੇਂ ਹੀ ਹਾਸ਼ੀਏ 'ਤੇ ਧੱਕ ਦਿੱਤੇ ਗਏ ਹਨ। ਪੀਰ ਮੁਹੰਮਦ ਨੇ ਕਿਹਾ ਕਿ ਅਮਰੀਕਾ ਵਰਗੇ ਵਿਕਸਿਤ ਦੇਸ਼ ਆਪਣੇ ਕਿਸਾਨਾਂ ਨੂੰ ਅਰਬਾਂ ਡਾਲਰ ਦੀ ਸਬਸਿਡੀ ਦੇ ਕੇ ਭਾਰਤੀ ਮੰਡੀਆਂ ਵਿੱਚ ਸਸਤਾ ਮਾਲ ਸੁੱਟ ਰਹੇ ਹਨ। ਉਨ੍ਹਾਂ ਚੇਤਾਵਨੀ ਦਿੱਤੀ ਕਿ: ਜੇਕਰ ਅਮਰੀਕੀ ਪੈਦਾਵਾਰ ਬਿਨਾਂ ਕਿਸੇ ਰੋਕ–ਟੋਕ ਦੇ ਭਾਰਤੀ ਮੰਡੀਆਂ ਵਿੱਚ ਆ ਗਈ, ਤਾਂ ਪੰਜਾਬ ਦਾ ਕਿਸਾਨ ਪੂਰੀ ਤਰ੍ਹਾਂ ਰੁਲ਼ ਜਾਵੇਗਾ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਬਾਹਰਲੇ ਮੁਲਕਾਂ ਤੋਂ ਆਉਣ ਵਾਲੀ ਫ਼ਸਲ 'ਤੇ ਭਾਰੀ ਆਯਾਤ ਡਿਊਟੀ ਲਗਾਵੇ ਤਾਂ ਜੋ ਸਥਾਨਕ ਕਿਸਾਨ ਦੀ ਹੋਂਦ ਬਚ ਸਕੇ। ਪੰਜਾਬ ਦੇ ਰੁਜ਼ਗਾਰ ਮੁੱਦੇ 'ਤੇ ਬੋਲਦਿਆਂ ਉਨ੍ਹਾਂ ਕਿਹਾ ਕਿ ਇੱਕ ਪਾਸੇ ਖੇਤੀ ਘਾਟੇ ਦਾ ਸੌਦਾ ਬਣ ਰਹੀ ਹੈ ਅਤੇ ਦੂਜੇ ਪਾਸੇ ਸਰਕਾਰੀ ਭਰਤੀਆਂ ਵਿੱਚ ਪੰਜਾਬੀ ਨੌਜਵਾਨਾਂ ਨਾਲ ਧੱਕਾ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਐੱਸ.ਐੱਸ. ਬੋਰਡ ਰਾਹੀਂ ਹੋਣ ਵਾਲੀ ਹਰ ਭਰਤੀ ਵਿੱਚ 80 ਤੋਂ 90 ਫ਼ੀਸਦੀ ਕੋਟਾ ਸਿਰਫ਼ ਪੰਜਾਬ ਦੇ ਪੱਕੇ ਵਸਨੀਕਾਂ ਲਈ ਹੋਣਾ ਚਾਹੀਦਾ ਹੈ। ਪ੍ਰੀਖਿਆਵਾਂ ਵਿੱਚ ਪੰਜਾਬੀ ਭਾਸ਼ਾ ਨੂੰ ਪਹਿਲੀ ਤਰਜੀਹ ਦਿੱਤੀ ਜਾਵੇ ਤਾਂ ਜੋ ਬਾਹਰਲੇ ਰਾਜਾਂ ਦੇ ਉਮੀਦਵਾਰ ਸਾਡੇ ਨੌਜਵਾਨਾਂ ਦਾ ਹੱਕ ਨਾ ਮਾਰ ਸਕਣ। ਉਨ੍ਹਾਂ ਅੱਗੇ ਕਿਹਾ ਕਿ ਜੇਕਰ ਪੰਜਾਬ ਦੀਆਂ ਨੌਕਰੀਆਂ ਪੰਜਾਬੀਆਂ ਨੂੰ ਨਾ ਮਿਲੀਆਂ, ਤਾਂ ਨੌਜਵਾਨ ਮਜਬੂਰਨ ਆਪਣੀਆਂ ਜ਼ਮੀਨਾਂ ਵੇਚ ਕੇ ਵਿਦੇਸ਼ਾਂ ਵੱਲ ਪਲਾਇਨ ਕਰਨਗੇ। ਇਹ ਪੰਜਾਬ ਦੇ ਸੁਨਹਿਰੀ ਭਵਿੱਖ ਲਈ ਸਭ ਤੋਂ ਵੱਡਾ ਖ਼ਤਰਾ ਹੈ। ਐਮ ਐਸ ਪੀ ਦੀ ਕਾਨੂੰਨੀ ਗਾਰੰਟੀ: ਤਾਂ ਜੋ ਵਿਦੇਸ਼ੀ ਸਬਸਿਡੀ ਵਾਲੇ ਮਾਲ ਦਾ ਮੁਕਾਬਲਾ ਕੀਤਾ ਜਾ ਸਕੇ। ਪਾਰਦਰਸ਼ੀ ਭਰਤੀ: ਐੱਸ.ਐੱਸ. ਬੋਰਡ ਭਰਤੀ ਪ੍ਰਕਿਰਿਆ ਨੂੰ ਤੁਰੰਤ ਸੁਧਾਰੇ ਅਤੇ ਪੰਜਾਬੀ ਨੌਜਵਾਨਾਂ ਨੂੰ ਨੌਕਰੀਆਂ ਦੇਵੇ। ਨੌਜਵਾਨਾਂ ਨੂੰ ਖੇਡਾਂ ਅਤੇ ਰੁਜ਼ਗਾਰ ਨਾਲ ਜੋੜ ਕੇ ਨਸ਼ਿਆਂ ਦੇ ਦਰਿਆ ਨੂੰ ਠੱਲ੍ਹ ਪਾਈ ਜਾਵੇ।

# ਗੁਰਦੁਆਰਾ ਰਕਾਬਗੰਜ ਸਾਹਿਬ ਵਿਖੇ ਲਿਫਟ ਸਹੂਲਤ ਦੀ ਹੋਈ ਸ਼ੁਰੂਆਤ



**ਨਵੀਂ ਦਿੱਲੀ, 21 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਰਕਾਬਗੰਜ ਸਾਹਿਬ ਵਿਖੇ ਲਿਫਟ ਦੀ ਸਹੂਲਤ ਦੀ ਸ਼ੁਰੂਆਤ ਕੀਤੀ ਗਈ। ਇਸ ਬਾਰੇ ਜਾਣਕਾਰੀ ਦਿੰਦਿਆਂ ਕਮੇਟੀ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਇਸ ਲਿਫਟ ਵਾਸਤੇ ਸੇਵਾ ਆਨੰਦ ਪਰਿਵਾਰ ਵੱਲੋਂ ਕੀਤੀ ਗਈ ਹੈ ਤੇ ਉਹਨਾਂ ਦਾ ਉਪਰਾਲਾ ਸ਼ਲਾਘਾਯੋਗ ਹੈ। ਉਹਨਾਂ ਦੱਸਿਆ ਕਿ ਕਾਰ ਸੇਵਾ ਵਾਲੇ ਬਾਬਾ ਬਚਨ ਸਿੰਘ ਜੀ ਅਤੇ ਬਾਬਾ ਸੁਰਿੰਦਰ ਸਿੰਘ ਜੀ ਦੀ ਨਿਗਰਾਨੀ ਹੇਠ ਲਿਫਟ ਲਗਾਉਣ ਦੀ ਸੇਵਾ ਕੀਤੀ ਗਈ ਹੈ ਜਿਸ ਵਾਸਤੇ ਕਮੇਟੀ ਹਮੇਸ਼ਾ ਹੀ ਬਾਬਾ ਜੀ ਦੀ ਧੰਨਵਾਦੀ ਰਹੇਗੀ ਉਹਨਾਂ ਕਿਹਾ ਕਿ ਜਿਹੜੀਆਂ ਸੰਗਤਾਂ ਨੂੰ ਪੌੜੀਆਂ ਚੜ੍ਹ ਕੇ ਗੁਰੂ ਘਰ ਦੇ ਦਰਸ਼ਨ ਕਰਨ ਵਿਚ ਮੁਸ਼ਿਕਲ ਆਉਂਦੀ ਸੀ, ਹੁਣ ਉਹ ਲਿਫਟ ਰਾਹੀਂ ਗੁਰਦੁਆਰਾ ਸਾਹਿਬ ਤੱਕ ਪਹੁੰਚ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਅਸਥਾਨ ਦੇ ਦਰਸ਼ਨ ਕਰ ਸਕਣਗੀਆਂ। ਉਹਨਾਂ ਕਿਹਾ ਕਿ ਇਹ ਬਹੁਤ ਵੱਡੀ ਸੇਵਾ ਹੈ ਜਿਸ ਵਾਸਤੇ ਆਨੰਦ ਪਰਿਵਾਰ ਦੀ ਜਿੰਨੀ ਵੀ ਸ਼ਲਾਘਾ ਕੀਤੀ ਜਾਵੇ ਥੋੜ੍ਹੀ ਹੈ। ਉਹਨਾਂ ਨੇ ਆਸ ਪ੍ਰਗਟਾਈ ਕਿ ਇਹ ਸਹੂਲਤ ਸੰਗਤਾਂ ਵਾਸਤੇ ਬਹੁਤ ਲਾਹੇਵੰਦ ਸਾਬਤ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਪਤਨੀ ਵਲੋਂ ਪਤੀ ਨੂੰ ਦੱਸੇ ਬਿਨਾਂ ਉਸਦੇ ਮਾਪਿਆਂ ਦੇ ਘਰ ਰਹਿਣ 'ਤੇ ਪਤੀ ਵੱਲੋਂ ਮਾਰਿਆ ਗਿਆ ਥੱਪੜ ਬੇਰਹਿਮੀ ਨਹੀਂ: ਗੁਜਰਾਤ ਹਾਈ ਕੋਰਟ



**ਨਵੀਂ ਦਿੱਲੀ, 21 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:-ਗੁਜਰਾਤ ਹਾਈ ਕੋਰਟ ਨੇ ਬੇਰਹਿਮੀ ਅਤੇ ਖੁਦਕੁਸ਼ੀ ਲਈ ਉਕਸਾਉਣ ਦੇ ਇੱਕ ਮਾਮਲੇ ਵਿੱਚ ਹੇਠਲੀ ਅਦਾਲਤ ਦੁਆਰਾ ਸੁਣਾਈ ਗਈ ਸਜ਼ਾ ਨੂੰ ਰੱਦ ਕਰਦੇ ਹੋਏ ਕਿਹਾ ਹੈ ਕਿ ਇੱਕ ਪਤੀ ਦੁਆਰਾ ਆਪਣੀ ਪਤਨੀ ਨੂੰ ਉਸਦੇ ਮਾਪਿਆਂ ਦੇ ਘਰ ਬਿਨਾਂ ਦੱਸੇ ਰਾਤ ਰਹਿਣ ਲਈ ਥੱਪੜ ਮਾਰਨ ਦੀ ਘਟਨਾ ਭਾਰਤੀ ਦੰਡਾਵਲੀ (ਆਈਪੀਸੀ) ਦੀ ਧਾਰਾ 498ਏ ਦੇ ਤਹਿਤ ਬੇਰਹਿਮੀ ਨਹੀਂ ਹੋਵੇਗੀ। ਲਾਈਵ ਲਾਅ ਦੇ ਅਨੁਸਾਰ, ਹਾਈ ਕੋਰਟ ਨੇ ਉਸੇ ਮਾਮਲੇ ਵਿੱਚ ਆਈਪੀਸੀ ਦੀ ਧਾਰਾ 306 ਦੇ ਤਹਿਤ ਖੁਦਕੁਸ਼ੀ ਲਈ ਉਕਸਾਉਣ ਦੇ ਦੋਸ਼ੀ ਵਿਅਕਤੀ ਨੂੰ ਬਰੀ ਕਰਦੇ ਹੋਏ ਕਿਹਾ ਕਿ ਅਦਾਲਤ ਨੂੰ ਔਰਤ 'ਤੇ ਲਗਾਤਾਰ ਹਮਲੇ ਦਾ ਕੋਈ ਠੋਸ ਸਬੂਤ ਨਹੀਂ ਮਿਲਿਆ, ਜਿਸ ਕਾਰਨ ਕਥਿਤ ਤੌਰ 'ਤੇ ਖੁਦਕੁਸ਼ੀ ਲਈ ਉਕਸਾਉਣ ਦਾ ਦਾਅਵਾ ਕੀਤਾ ਗਿਆ ਸੀ। ਰਿਪੋਰਟ ਦੇ ਅਨੁਸਾਰ, ਅਦਾਲਤ ਦਿਲੀਪਭਾਈ ਮੰਗਲਾਭਾਈ ਵਰਲੀ ਦੁਆਰਾ ਦਾਇਰ ਇੱਕ ਅਪਰਾਧਿਕ ਅਪੀਲ ਦੀ ਸੁਣਵਾਈ ਕਰ ਰਹੀ ਸੀ, ਜਿਸਦੀ ਧੀ ਦਾ ਵਿਆਹ 1995 ਵਿੱਚ ਹੋਇਆ ਸੀ ਅਤੇ ਇਹ ਜੋੜਾ ਵਲਸਾਡ ਜ਼ਿਲ੍ਹੇ ਦੇ ਸਾਰੀਗਾਮ ਪਹਾੜਪਾੜਾ ਵਿੱਚ ਰਹਿੰਦਾ ਸੀ। ਵਿਆਹ ਤੋਂ ਕੁਝ ਮਹੀਨਿਆਂ ਬਾਅਦ ਔਰਤ ਨੇ ਖੁਦਕੁਸ਼ੀ ਕਰ ਲਈ। ਉਸਦੇ ਪਿਤਾ ਨੇ ਪੁਲਿਸ ਸ਼ਿਕਾਇਤ ਦਰਜ ਕਰਵਾਈ, ਜਿਸ ਵਿੱਚ ਉਸਦੇ ਪਤੀ 'ਤੇ ਬੇਰਹਿਮੀ ਅਤੇ ਪਰੇਸ਼ਾਨੀ ਦਾ ਦੋਸ਼ ਲਗਾਇਆ ਗਿਆ, ਜਿਸ ਕਾਰਨ ਉਸਦੀ ਧੀ ਨੇ ਖੁਦਕੁਸ਼ੀ ਕਰ ਲਈ। ਮ੍ਰਿਤਕ ਦੇ ਪਿਤਾ ਨੇ ਸ਼ਿਕਾਇਤ ਵਿੱਚ ਕਿਹਾ ਕਿ ਦੋਸ਼ੀ ਅਕਸਰ ਪਾਰਟੀਆਂ ਤੋਂ ਦੇਰ ਨਾਲ ਘਰ ਵਾਪਸ ਆਉਂਦਾ ਸੀ ਅਤੇ ਉਸਦੀ ਧੀ 'ਤੇ ਹਮਲਾ ਕਰਦਾ ਸੀ। ਉਹ ਇੱਕ ਵਾਰ ਆਪਣੇ ਸਹੁਰੇ ਘਰ ਗਿਆ ਅਤੇ ਆਪਣੀ ਪਤਨੀ ਨੂੰ ਬਿਨਾਂ ਦੱਸੇ ਆਪਣੇ ਮਾਪਿਆਂ ਦੇ ਘਰ ਰਹਿਣ ਲਈ ਥੱਪੜ ਮਾਰਿਆ। ਪੁਲਿਸ ਨੇ ਮੁਲਜ਼ਮਾਂ ਖ਼ਿਲਾਫ਼ ਭਾਰਤੀ ਦੰਡਾਵਲੀ ਦੀ ਧਾਰਾ 498ਏ ਅਤੇ 306 ਤਹਿਤ ਮਾਮਲਾ ਦਰਜ ਕੀਤਾ। ਇਸ ਤੋਂ ਬਾਅਦ, 2003 ਵਿੱਚ, ਵਲਸਾਡ ਸੈਸ਼ਨ ਕੋਰਟ ਨੇ ਪਤੀ ਨੂੰ ਦੋਸ਼ੀ ਠਹਿਰਾਇਆ ਅਤੇ ਧਾਰਾ 498ਏ ਤਹਿਤ ਇੱਕ ਸਾਲ ਦੀ ਕੈਦ ਅਤੇ ਧਾਰਾ 306 ਤਹਿਤ ਸੱਤ ਸਾਲ ਦੀ ਕੈਦ ਦੀ ਸਜ਼ਾ ਸੁਣਾਈ। ਇਸਤਗਾਸਾ ਪੱਖ ਨੇ ਦਲੀਲ ਦਿੱਤੀ ਕਿ ਪਤਨੀ ਨੇ ਆਪਣੇ ਪਤੀ ਦੇ ਮਾਨਸਿਕ ਅਤੇ ਸਰੀਰਕ ਜ਼ੁਲਮ ਕਾਰਨ ਵਿਆਹ ਦੇ ਇੱਕ ਸਾਲ ਦੇ ਅੰਦਰ ਹੀ ਖੁਦਕੁਸ਼ੀ ਕਰ ਲਈ। ਇਸ ਫੈਸਲੇ ਨੂੰ ਪਤੀ ਨੇ ਹਾਈ ਕੋਰਟ ਵਿੱਚ ਚੁਣੌਤੀ ਦਿੱਤੀ, ਜਿਸ ਤੋਂ ਬਾਅਦ ਹਾਈ ਕੋਰਟ ਨੇ ਸੈਸ਼ਨ ਕੋਰਟ ਦੇ ਹੁਕਮ ਨੂੰ ਪਲਟ ਦਿੱਤਾ ਅਤੇ ਦੋਸ਼ੀ ਦੇ ਹੱਕ ਵਿੱਚ ਫੈਸਲਾ ਸੁਣਾਇਆ। ਹਾਈ ਕੋਰਟ ਨੇ ਮਾਮਲੇ ਦੀ ਮੁੜ ਸੁਣਵਾਈ ਦੌਰਾਨ ਉਪਲਬਧ ਸਬੂਤਾਂ ਦਾ ਮੁੜ ਮੁਲਾਂਕਣ ਕੀਤਾ ਅਤੇ ਪਾਇਆ ਕਿ ਲਗਾਤਾਰ ਜਾਂ ਅਸਹਿਣਸ਼ੀਲ ਪਰੇਸ਼ਾਨੀ ਦੇ ਕਾਫ਼ੀ ਸਬੂਤ ਪੇਸ਼ ਨਹੀਂ ਕੀਤੇ ਗਏ ਸਨ। ਆਪਣੇ ਹੁਕਮ ਵਿੱਚ, ਅਦਾਲਤ ਨੇ ਇਹ ਵੀ ਸਪੱਸ਼ਟ ਕੀਤਾ ਕਿ ਇਹ ਵਿਵਾਦ ਔਰਤ ਦੇ ਆਪਣੇ ਮਾਪਿਆਂ ਦੇ ਘਰ ਅਣਐਲਾਨੇ ਰਹਿਣ ਨੂੰ ਲੈ ਕੇ ਪੈਦਾ ਹੋਇਆ ਸੀ। ਉਸਦੇ ਪਤੀ ਦੁਆਰਾ ਇੱਕ ਥੱਪੜ ਕਾਨੂੰਨੀ ਤੌਰ 'ਤੇ ਬੇਰਹਿਮੀ ਨਹੀਂ ਹੋ ਸਕਦਾ। ਸੁਣਵਾਈ ਦੌਰਾਨ, ਹਾਈ ਕੋਰਟ ਨੇ ਕਿਹਾ, "ਇਹ ਜਾਪਦਾ ਹੈ ਕਿ ਝਗੜਾ ਸਿਰਫ਼ ਇਸ ਕਰਕੇ ਹੋਇਆ ਸੀ ਕਿਉਂਕਿ ਪਤੀ ਰਾਤ ਨੂੰ ਵਿਆਹ ਸਮਾਗਮਾਂ ਵਿੱਚ ਬੈਂਜੋ ਵਜਾਉਣ ਲਈ ਬਾਹਰ ਜਾਂਦਾ ਸੀ ਅਤੇ ਦੇਰ ਨਾਲ ਵਾਪਸ ਆਉਣ 'ਤੇ ਪਤਨੀ ਨਾਲ ਝਗੜਾ ਕਰਦਾ ਸੀ। ਸਾਰੇ ਗਵਾਹਾਂ ਨੇ ਲਗਾਤਾਰ ਕਿਹਾ ਕਿ ਇੱਕ ਪਤਨੀ ਹੋਣ ਦੇ ਨਾਤੇ, ਮ੍ਰਿਤਕ ਨੂੰ ਦੋਸ਼ੀ ਦਾ ਬੈਂਜੋ ਵਜਾਉਣ ਤੋਂ ਬਾਅਦ ਦੇਰ ਰਾਤ ਵਾਪਸ ਆਉਣਾ ਪਸੰਦ ਨਹੀਂ ਸੀ। ਝਗੜੇ ਖਾਸ ਤੌਰ 'ਤੇ ਉਦੋਂ ਹੋਏ ਜਦੋਂ ਦੋਸ਼ੀ ਰਾਤ ਨੂੰ ਆਪਣੇ ਬੈਂਜੋ ਪ੍ਰਦਰਸ਼ਨ ਤੋਂ ਬਾਅਦ ਘਰ ਵਾਪਸ ਆਇਆ।" ਹਾਈ ਕੋਰਟ ਨੇ ਇਹ ਵੀ ਕਿਹਾ ਕਿ ਇਸ ਮਾਮਲੇ ਵਿੱਚ ਖੁਦਕੁਸ਼ੀ ਲਈ ਉਕਸਾਉਣ ਦੇ ਪੁਖਤਾ ਸਬੂਤ ਪੇਸ਼ ਨਹੀਂ ਕੀਤੇ ਗਏ। ਖੁਦਕੁਸ਼ੀ ਲਈ ਉਕਸਾਉਣ ਵਾਲੇ ਕਾਨੂੰਨ ਦਾ ਹਵਾਲਾ ਦਿੰਦੇ ਹੋਏ, ਅਦਾਲਤ ਨੇ ਦੁਹਰਾਇਆ ਕਿ ਆਈਪੀਸੀ ਦੀ ਧਾਰਾ 306 ਦੇ ਤਹਿਤ ਸਜ਼ਾ ਲਈ, ਉਕਸਾਉਣ ਦੇ ਸਿੱਧੇ ਜਾਂ ਨੇੜਲੇ ਕੰਮ ਦਾ ਸਬੂਤ ਹੋਣਾ ਚਾਹੀਦਾ ਹੈ, ਅਤੇ ਇਹ ਸਿਰਫ਼ ਆਮ ਵਿਆਹੁਤਾ ਜੀਵਨ ਵਿੱਚ ਝਗੜੇ 'ਤੇ ਅਧਾਰਤ ਨਹੀਂ ਹੋ ਸਕਦਾ। ਇਹ ਮੰਨਦੇ ਹੋਏ ਕਿ ਹੇਠਲੀ ਅਦਾਲਤ ਨੇ ਅਪੀਲਕਰਤਾ ਨੂੰ ਬਿਨਾਂ ਲੋੜੀਂਦੇ ਸਬੂਤਾਂ ਦੇ ਸਜ਼ਾ ਸੁਣਾਉਣ ਵਿੱਚ ਗਲਤੀ ਕੀਤੀ, ਹਾਈ ਕੋਰਟ ਨੇ ਸਜ਼ਾ ਨੂੰ ਰੱਦ ਕਰ ਦਿੱਤਾ ਅਤੇ ਅਪੀਲਕਰਤਾ ਨੂੰ ਸਾਰੇ ਦੋਸ਼ਾਂ ਤੋਂ ਬਰੀ ਕਰ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV

### ਨਿਸ਼ਕਾਮ ਸੇਵਾ, ਨਿਮਰਤਾ ਅਤੇ ਗੁਰੂ ਘਰ ਨਾਲ ਅਟੁੱਟ ਪ੍ਰੇਮ ਦਾ ਪ੍ਰਤੀਕ ਮੰਨੇ ਜਾਂਦੇ

# ਭਾਈ ਅਵਤਾਰ ਸਿੰਘ ਬੁਲਟ ਜੀ ਦਾ ਦਰਦਨਾਕ ਵਿਛੋੜਾ



**ਟ੍ਰੇਸੀ (ਕੈਲੀਫੋਰਨੀਆ), 21 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸਿੱਖ ਕੌਮ ਲਈ ਬੇਹੱਦ ਦੁਖਦਾਇਕ ਖ਼ਬਰ ਸਾਹਮਣੇ ਆਈ ਹੈ। ਨਿਸਕਾਮ ਸੇਵਾ, ਨਿਮਰਤਾ ਅਤੇ ਗੁਰੂ ਘਰ ਨਾਲ ਅਟੁੱਟ ਪ੍ਰੇਮ ਦਾ ਪ੍ਰਤੀਕ ਮੰਨੇ ਜਾਂਦੇ ਭਾਈ ਅਵਤਾਰ ਸਿੰਘ ਬੁਲਟ ਜੀ ਦਾ ਅਚਾਨਕ ਅਤੇ

ਆਵਾਜ਼ਿ ਕੌਮ AWAZE QAUM International Newspaper & WEB TV

ਦਰਦਨਾਕ ਵਿਛੋੜਾ ਸੰਗਤ ਨੂੰ ਗਹਿਰੇ ਸੋਗ ਵਿੱਚ ਡੁੱਬੋ ਗਿਆ ਹੈ।

ਭਾਈ ਅਵਤਾਰ ਸਿੰਘ ਬੁਲਟ ਜੀ ਲੰਮੇ ਸਮੇਂ ਤੱਕ ਦਮਦਮੀ ਟਕਸਾਲ ਦੇ ਹੈੱਡ ਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਵਿਖੇ ਨਿਸਕਾਮ ਸੇਵਾ ਨਿਭਾਉਂਦੇ ਰਹੇ। ਸੰਗਤ ਦੇ ਅਨੁਸਾਰ ਉਹਨਾਂ ਨੇ ਆਪਣੀ ਜ਼ਿੰਦਗੀ ਦਾ ਵੱਡਾ ਹਿੱਸਾ ਗੁਰੂ ਘਰ ਦੀ ਸੇਵਾ ਲਈ ਸਮਰਪਿਤ ਕੀਤਾ। ਉਹਨਾਂ ਦੀ ਰਹਿਣੀ-ਬਹਿਣੀ ਬੜੀ ਸਾਦੀ ਅਤੇ ਸੰਤੁਲਿਤ ਸੀ। ਨਾ ਕਿਸੇ ਮਾਣ-ਸ਼ਾਨ ਦੀ ਲਾਲਸਾ ਅਤੇ ਨਾ ਹੀ ਕਿਸੇ ਪ੍ਰਸਿੱਧੀ ਦੀ ਇੱਛਾ—ਉਹ ਸਿਰਫ਼ ਗੁਰੂ ਦੀ ਰਜ਼ਾ ਵਿੱਚ ਰਾਜ਼ੀ ਰਹਿ ਕੇ ਸੇਵਾ ਅਤੇ ਸਿਮਰਨ ਵਿੱਚ ਲੀਨ ਰਹਿੰਦੇ ਸਨ।

ਕੁਝ ਸਮੇਂ ਤੋਂ ਉਹ ਸੰਯੁਕਤ ਰਾਜ ਅਮਰੀਕਾ ਦੇ ਰਾਜ ਕੈਲੀਫੋਰਨੀਆਂ ਦੇ ਸ਼ਹਿਰ ਟਰੇਸੀ ਵਿਖੇ ਸਥਿਤ ਗੁਰਦੁਆਰਾ ਗੁਰੂ ਨਾਨਕ ਪ੍ਰਕਾਸ਼ ਵਿੱਚ ਲਗਾਤਾਰ ਲੰਗਰ ਦੀ ਸੇਵਾ ਕਰ ਰਹੇ ਸਨ। ਸਵੇਰ ਤੜਕੇ ਤੋਂ ਸ਼ਾਮ ਦੇ ਦੇਰ ਤੱਕ ਉਹ ਲੰਗਰ ਘਰ ਵਿੱਚ ਜੁਟੇ ਰਹਿੰਦੇ, ਸਬਜ਼ੀ ਕੱਟਣ ਤੋਂ ਲੈ ਕੇ ਰੋਟੀਆਂ ਬਣਾਉਣ ਅਤੇ ਸੰਗਤ ਨੂੰ ਪ੍ਰਸ਼ਾਦ ਛਕਾਉਣ ਤੱਕ ਹਰ ਕੰਮ ਖੁਦ ਕਰਦੇ। ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਮੁਤਾਬਕ ਉਹ ਹਮੇਸ਼ਾ ਚਿਹਰੇ 'ਤੇ ਸ਼ਾਂਤ ਮੁਸਕਾਨ ਨਾਲ ਸੇਵਾ ਕਰਦੇ ਦਿਖਾਈ ਦਿੰਦੇ ਸਨ ਅਤੇ ਹਰ ਆਉਣ ਵਾਲੇ ਨਾਲ ਪਿਆਰ ਅਤੇ ਨਿਮਰਤਾ ਨਾਲ ਪੇਸ਼ ਆਉਂਦੇ ਸਨ।

ਦੁਖਦਾਇਕ ਤੌਰ 'ਤੇ ਕੁਝ ਦਿਨ ਪਹਿਲਾਂ ਉਹ ਗੁਰਦੁਆਰਾ ਸਾਹਿਬ ਤੋਂ ਅਣਪਛਾਤੇ ਵਿਅਕਤੀਆਂ ਵੱਲੋਂ ਅਗਵਾ ਕਰ ਲਏ ਗਏ। ਬਾਅਦ ਵਿੱਚ ਉਹਨਾਂ ਦੀ ਹੱਤਿਆ ਹੋਣ ਦੀ ਖ਼ਬਰ ਸਾਹਮਣੇ ਆਈ, ਜਿਸ ਨਾਲ ਸਥਾਨਕ ਸਿੱਖ ਭਾਈਚਾਰੇ ਵਿੱਚ ਸ਼ੋਕ ਅਤੇ ਗੁੱਸੇ ਦੀ ਲਹਿਰ ਦੌੜ ਗਈ। ਕਾਨੂੰਨ-ਲਾਗੂ ਕਰਨ ਵਾਲੀਆਂ ਏਜੰਸੀਆਂ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਦੋਸ਼ੀਆਂ ਦੀ ਭਾਲ ਜਾਰੀ ਹੈ। ਭਾਈਚਾਰੇ ਦੇ ਆਗੂਆਂ ਨੇ ਪ੍ਰਸ਼ਾਸਨ ਤੋਂ ਮਾਮਲੇ ਦੀ ਗੰਭੀਰ ਜਾਂਚ ਅਤੇ ਇਨਸਾਫ਼ ਦੀ ਮੰਗ ਕੀਤੀ ਹੈ। ਸੰਗਤ ਦਾ ਕਹਿਣਾ ਹੈ ਕਿ ਭਾਈ ਅਵਤਾਰ ਸਿੰਘ ਜੀ ਸਿਰਫ਼ ਇਕ ਸੇਵਾਦਾਰ ਨਹੀਂ ਸਨ, ਸਗੋਂ ਸੇਵਾ, ਸਾਦਗੀ ਅਤੇ ਸਮਰਪਣ ਦਾ ਜੀਉਂਦਾ ਮਿਸਾਲ ਸਨ। ਉਹਨਾਂ ਦੀ ਅਚਾਨਕ ਮੌਤ ਨਾਲ ਜੋ ਘਾਟ ਪੈਦਾ ਹੋਈ ਹੈ, ਉਹ ਕਦੇ ਪੂਰੀ ਨਹੀਂ ਹੋ ਸਕਦੀ। ਗੁਰਦੁਆਰਾ ਸਾਹਿਬ ਵਿਖੇ ਅਖੰਡ ਪਾਠ ਅਤੇ ਅਰਦਾਸਾਂ ਦਾ ਦੌਰ ਜਾਰੀ ਹੈ, ਜਿੱਥੇ ਵੱਡੀ ਗਿਣਤੀ ਵਿੱਚ ਸੰਗਤ ਇਕੱਠੀ ਹੋ ਕੇ ਉਹਨਾਂ ਨੂੰ ਸ਼ਰਧਾਂਜਲੀ ਅਰਪਿਤ ਕਰ ਰਹੀ ਹੈ।

ਸਿੱਖ ਕੌਮ ਵੱਲੋਂ ਅਰਦਾਸ ਕੀਤੀ ਜਾ ਰਹੀ ਹੈ ਕਿ ਵਾਹਿਗੁਰੂ ਜੀ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਪਰਿਵਾਰ ਨੂੰ ਇਹ ਅਸਹਿਣਯੋਗ ਦੁੱਖ ਸਹਿਣ ਦੀ ਤਾਕਤ ਪ੍ਰਦਾਨ ਕਰਨ। ਭਾਈ ਅਵਤਾਰ ਸਿੰਘ ਬੁਲਟ ਜੀ ਦੀ ਨਿਸਕਾਮ ਸੇਵਾ ਅਤੇ ਗੁਰੂ ਘਰ ਨਾਲ ਅਟੁੱਟ ਪ੍ਰੇਮ ਸਦਾ ਸੰਗਤ ਦੇ ਦਿਲਾਂ ਵਿੱਚ ਜੀਉਂਦਾ।

### ਜਗਤਾਰ ਸਿੰਘ ਬਡਵਾਲ ਨੇ ਜ਼ਿੰਦਗੀ 'ਚ ਪਹਿਲੀ ਵਾਰ ਕੀਤਾ ਖ਼ੂਨਦਾਨ

# ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਖ਼ੂਨਦਾਨ ਕੀਤਾ



**ਹੁਸ਼ਿਆਰਪੁਰ, 21 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਮੀਰੀ ਪੀਰੀ ਸੇਵਾ ਸਿਮਰਨ ਕਲੱਬ ਰਜਿ ਹੁਸ਼ਿਆਰਪੁਰ ਦੇ ਸਲਾਹਕਾਰ ਜਗਤਾਰ ਸਿੰਘ ਬਡਵਾਲ ਨੇ ਸਾਹਿਬ ਸ੍ਰੀ ਗੂਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਭਾਈ ਘੱਨਈਆ ਜੀ ਚੈਰੀਟੇਬਲ ਬਲੱਡ ਬੈਂਕ ਹੁਸ਼ਿਆਰਪੁਰ ਵਿਖੇ ਪ੍ਰਧਾਨ ਜਸਦੀਪ ਸਿੰਘ ਪਾਹਵਾ ਅਤੇ ਨੇਤਰਦਾਨ ਐਸੋਸੀਏਸ਼ਨ ਦੇ ਪ੍ਰਧਾਨ ਪ੍ਰੋ ਬਹਾਦਰ ਸਿੰਘ ਸੁਨੇਤ ਦੀ ਪ੍ਰੇਰਨਾ ਸਦਕਾ ਆਪਣਾ ਖ਼ੂਨਦਾਨ ਕੀਤਾ, ਜ਼ਿੰਦਗੀ ਵਿੱਚ ਪਹਿਲੀ ਵਾਰ ਖ਼ੂਨਦਾਨ ਕਰਨ ਵਾਲੇ ਜਗਤਾਰ ਸਿੰਘ ਬਡਵਾਲ ਨੇ ਦੱਸਿਆ ਕਿ ਉਸ ਦੇ ਦਿਲ ਵਿੱਚ ਪਹਿਲਾਂ ਖ਼ੂਨਦਾਨ ਨੂੰ ਲੈ ਕੇ ਬਹੁਤ ਸਾਰੇ ਸ਼ੰਕੇ ਅਤੇ ਗਲਤ ਫਹਿਮੀਆਂ ਭਰੀਆਂ ਹੋਈਆਂ ਸਨ ਜਿਸ ਕਾਰਣ ਉਹ ਮੀਰੀ ਪੀਰੀ ਸੇਵਾ ਸਿਮਰਨ ਕਲੱਬ ਅਤੇ ਹੋਰ ਸੰਸਥਾਵਾਂ ਵੱਲੋਂ ਲਗਾਏ ਖ਼ੂਨਦਾਨ ਕੈਂਪਾਂ ਵਿੱਚ ਆਪਣਾ ਖ਼ੂਨਦਾਨ ਕਰਨ ਤੋਂ ਝਿਜਕਦੇ ਰਹੇ ਪਰ ਭਾਈ ਘੱਨਈਆ ਜੀ ਚੈਰੀਟੇਬਲ ਬਲੱਡ ਬੈਂਕ ਹੁਸ਼ਿਆਰਪੁਰ ਦੇ ਪ੍ਰਧਾਨ ਜਸਦੀਪ ਸਿੰਘ ਪਾਹਵਾ ਅਤੇ ਨੇਤਰਦਾਨ ਐਸੋਸੀਏਸ਼ਨ ਦੇ ਪ੍ਰਧਾਨ ਪ੍ਰੋ ਬਹਾਦਰ ਸਿੰਘ ਸੁਨੇਤ ਵੱਲੋਂ ਉਸ ਦੇ ਸ਼ੰਕੇ ਅਤੇ ਗਲਤਫ਼ਹਿਮੀਆਂ ਦੂਰ ਕਰਦਿਆਂ ਦੱਸਿਆ ਕਿ ਖ਼ੂਨਦਾਨ ਕਰਨ ਨਾਲ ਖ਼ੂਨਦਾਨੀ ਦੇ ਸਰੀਰ ਨੂੰ ਕਦੇ ਵੀ ਕੋਈ ਸਮੱਸਿਆ ਨਹੀਂ ਆਉਂਦੀ ਸਗੋਂ ਖ਼ੂਨ ਹੋਰ ਬੇਹਤਰ ਢੰਗ ਨਾਲ ਪ੍ਰਵਾਹ ਹੋ ਕੇ ਸਰੀਰ ਦੇ ਸਿਸਟਮ ਨੂੰ ਤੰਦਰੁਸਤ ਰੱਖਣ ਵਿੱਚ ਸਹਾਈ ਹੁੰਦਾ ਹੈ ਇਸ ਦੇ ਨਾਲ ਨਾਲ ਨਾਲ਼ੇ ਪੁੰਨ ਨਾਲ਼ੇ ਫਲੀਆਂ ਦੀ ਕਹਾਵਤ ਨੂੰ ਸਾਰਥਕ ਕਰਦਿਆਂ ਕੀਮਤੀ ਮਨੁੱਖੀ ਜਾਨ ਵੀ ਬਚਾਉਣ ਦਾ ਪੁੰਨ ਮਿਲਦਾ ਹੈ। ਜਿਸ ਤੋਂ ਪ੍ਰਭਾਵਿਤ ਹੋ ਕੇ ਉਨ੍ਹਾਂ ਖ਼ੂਨਦਾਨ ਕਰਨ ਦਾ ਸੰਕਲਪ ਲਿਆ ਅਤੇ ਆਪਣੇ ਵਰਗੇ ਹੋਰਨਾਂ ਲੋਕਾਂ ਨੂੰ ਵੀ ਆਪਣੇ ਸ਼ੰਕੇ ਤੇ ਗਲਤਫ਼ਹਿਮੀਆਂ ਦੂਰ ਕਰਕੇ ਖ਼ੂਨਦਾਨ ਮੁਹਿੰਮ ਵਿੱਚ ਸਰਗਰਮੀ ਨਾਲ ਭਾਗ ਲੈਣ ਦੀ ਅਪੀਲ ਕੀਤੀ। ਇਸ ਮੌਕੇ ਭਾਈ ਘੱਨਈਆ ਜੀ ਚੈਰੀਟੇਬਲ ਹਸਪਤਾਲ ਦੇ ਇੰਚਾਰਜ ਡਾਕਟਰ ਦਿਲਬਾਗ ਸਿੰਘ ਨੇ ਜਗਤਾਰ ਸਿੰਘ ਬਡਵਾਲ ਨੂੰ ਪ੍ਰਸ਼ੰਸ਼ਾ ਪੱਤਰ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਉਨ੍ਹਾਂ ਨਾਲ ਮੀਰੀ ਪੀਰੀ ਸੇਵਾ ਸਿਮਰਨ ਕਲੱਬ ਹੁਸ਼ਿਆਰਪੁਰ ਦੇ ਚੇਅਰਮੈਨ ਸਰਬਜੀਤ ਸਿੰਘ ਬਡਵਾਲ, ਸੇਵਾਦਾਰ ਗੁਰਬਿੰਦਰ ਸਿੰਘ ਪਲਾਹਾ ਅਤੇ ਜਨਰਲ ਸਕੱਤਰ ਪ੍ਰਿੰ ਬਲਵੀਰ ਸਿੰਘ ਸੈਣੀ ਵੀ ਮੌਜੂਦ ਸਨ।

# ਹੁਸ਼ਿਆਰਪੁਰ ਪੁਲਿਸ ਦੀ ਵੱਡੀ ਸਫਲਤਾ ; ਬਜ਼ੁਰਗ ਔਰਤ ਦੇ ਕਾਤਿਲ ਨੂੰ 24 ਘੰਟਿਆਂ 'ਚ ਕੀਤਾ ਗ੍ਰਿਫ਼ਤਾਰ

### ਚੋਰੀ ਦੀ ਨੀਅਤ ਨਾਲ ਦਾਖ਼ਲ ਹੋਏ ਪਿੰਡ ਦੇ ਹੀ ਨੌਜਵਾਨ ਨੇ ਕੀਤਾ ਬਜ਼ੁਰਗ ਔਰਤ ਦਾ ਕਤਲ-ਐਸ.ਪੀ.ਪਰਮਿੰਦਰ ਸਿੰਘ

**ਹੁਸ਼ਿਆਰਪੁਰ, ਚੱਬੇਵਾਲ, 21 ਫਰਵਰੀ (ਆਵਾਜ਼ਿ ਕੌਮ ਬਿਊਰੋ)**- ਜ਼ਿਲ੍ਹਾ ਹੁਸ਼ਿਆਰਪੁਰ ਦੇ ਵਿਧਾਨ ਸਭਾ ਹਲਕਾ ਚੱਬੇਵਾਲ ਦੇ ਪਿੰਡ ਭਾਮ 'ਚ ਘਰ 'ਚ ਇਕੱਲੀ ਰਹਿੰਦੀ 99 ਸਾਲਾ ਬਜ਼ੁਰਗ ਔਰਤ ਦਾ ਕਤਲ ਕਰਕੇ ਉਸ ਨੂੰ ਘਰ ਵਿਚ ਪਈ ਪੇਟੀ ਵਿਚ ਹੀ ਬੰਦ ਕਰਨ ਵਾਲੇ ਪਿੰਡ ਦੇ ਹੀ ਰਹਿਣ ਵਾਲੇ ਕਥਿਤ ਦੋਸ਼ੀ ਨੂੰ ਹੁਸ਼ਿਆਰਪੁਰ ਪੁਲਿਸ ਨੇ 24 ਘੰਟਿਆਂ ਅੰਦਰ ਹੀ ਕਾਬੂ ਕਰਨ ਵਿੱਚ ਸਫਲਤਾ ਪ੍ਰਾਪਤ ਕੀਤੀ ਹੈ, ਪੁਲਿਸ ਨੇ ਕਾਤਲ ਨੌਜਵਾਨ ਖਿਲਾਫ਼ ਮਾਮਲਾ ਦਰਜ ਕਰਕੇ ਉਸ ਕੋਲੋਂ ਲੁੱਟੀ ਗਈ 90,000 ਰੁਪਏ ਦੀ ਨਕਦੀ ਅਤੇ ਇੱਕ ਮੋਬਾਈਲ ਬਰਾਮਦ ਕਰ ਲਿਆ।ਜਾਣਕਾਰੀ ਦਿੰਦੇ ਹੋਏ ਐਸ.ਪੀ. ਪਰਮਿੰਦਰ ਸਿੰਘ, ਡੀ.ਐਸ.ਪੀ. ਪਲਵਿੰਦਰ ਸਿੰਘ, ਥਾਣਾ ਮੁਖੀ ਮਨਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਸੂਚਨਾ ਮਿਲੀ ਸੀ ਕਿ ਪਿੰਡ ਭਾਮ ਵਿਚ ਇਕੱਲੀ ਰਹਿੰਦੀ ਸੁਰਜੀਤ ਕੌਰ ਪਤਨੀ ਨਹੀਂ ਰਹੀ ਹੈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਤੁਰੰਤ ਟੀਮ ਗਠਿਤ ਕਰਕੇ ਪੜਤਾਲ ਸ਼ੁਰੂ ਕੀਤੀ ਤਾਂ ਔਰਤ ਦੀ ਲਾਸ਼ ਘਰ ਵਿਚ ਪਈ ਲੋਹੇ ਦੀ ਪੇਟੀ 'ਚੋਂ ਬਰਾਮਦ ਹੋਈ। ਉਨ੍ਹਾਂ ਦੱਸਿਆ ਕਿ ਔਰਤ ਦੇ ਆਸਟਰੇਲੀਆ ਰਹਿੰਦੇ ਲੜਕੇ ਸੁਖਦੇਵ ਸਿੰਘ ਨੇ ਘਰ ਵਿਚ ਲੱਗੇ ਕੈਮਰੇ ਦੀ ਫੁਟੇਜ ਚੈੱਕ ਕਰਕੇ ਗੁਆਂਢੀਆਂ ਨੂੰ ਸੂਚਿਤ ਕੀਤਾ ਜਿਸ ਦੀ ਮਦਦ ਨਾਲ ਪਤਾ ਲੱਗਾ ਕਿ ਪਿੰਡ ਭਾਮ ਦੇ ਨੌਜਵਾਨ ਡੈਨੀਅਲ ਪੁੱਤਰ ਸੁਰਿੰਦਰਪਾਲ ਸਿੰਘ ਨੇ ਹੀ 99 ਸਾਲ ਦੀ ਬਜ਼ੁਰਗ ਔਰਤ ਜੋਗਿੰਦਰ ਕੌਰ ਦਾ ਕਤਲ ਕੀਤਾ ਹੈ ਅਤੇ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ, ਜਿਸ ਨੇ ਕਿ ਮੁੱਢਲੀ ਪੁੱਛਗਿੱਛ ਦੌਰਾਨ ਹੀ ਗੁਨਾਹ ਕਬੂਲ ਕਰ ਲਿਆ। ਉਨ੍ਹਾਂ ਦੱਸਿਆ ਕਿ ਕਥਿਤ ਦੋਸ਼ੀ ਚੋਰੀ ਕਰਨ ਦੀ ਨੀਅਤ ਨਾਲ ਬਜ਼ੁਰਗ ਔਰਤ ਦੇ ਘਰ ਅੰਦਰ ਦਾਖ਼ਲ ਹੋਇਆ ਸੀ, ਉਸ ਨੂੰ ਪਤਾ ਸੀ ਕਿ ਬਜ਼ੁਰਗ ਔਰਤ ਦਾ ਵਿਦੇਸ਼ ਤੋਂ ਆਇਆ ਲੜਕਾ ਕੁੱਝ ਦਿਨ ਪਹਿਲਾਂ ਹੀ ਵਾਪਸ ਗਿਆ ਸੀ ਅਤੇ ਚੋਰ ਸਵੇਰੇ 17 ਫ਼ਰਵਰੀ ਨੂੰ ਮੂੰਹ ਹਨੇਰੇ ਹੀ ਘਰ ਦੇ ਵਿਹੜੇ ਵਿਚ ਦਾਖਲ ਹੋ ਕੇ ਲੁੱਕ ਗਿਆ। ਜਦੋਂ ਹੀ ਬਜ਼ੁਰਗ ਔਰਤ ਬਾਹਰ ਵਿਹੜੇ ਵਿਚ ਸਫ਼ਾਈ ਕਰਨ ਲਈ ਝਾੜੂ ਲਗਾਉਣ ਲੱਗੀ ਤਾਂ ਉਹ ਅੰਦਰ ਜਾ ਵੜਿਆ। ਉਸ ਨੇ ਦੱਸਿਆ ਕਿ ਉਸ ਨੂੰ ਘਰ 'ਚੋਂ ਕੁੱਝ ਨਹੀਂ ਲੱਭਾ ਤਾਂ ਇਸੇ ਦੌਰਾਨ ਔਰਤ ਨੇ ਉਸ ਨੂੰ ਪਹਿਚਾਣ ਲਿਆ ਜਿਸ ਕਾਰਨ ਉਸ ਨੇ ਗਲਾ ਘੁੱਟ ਕੇ ਉਕਤ ਬਜ਼ੁਰਗ ਔਰਤ ਦਾ ਕਤਲ ਕਰ ਦਿੱਤਾ ਅਤੇ ਲਾਸ਼ ਪੇਟੀ 'ਚ ਲੁਕੋ ਦਿੱਤੀ। ਐਸ.ਪੀ. ਪਰਮਿੰਦਰ ਸਿੰਘ ਨੇ ਦੱਸਿਆ ਕਿ ਜਦੋਂ ਕਥਿਤ ਦੋਸ਼ੀ ਲਾਸ਼ ਪੇਟੀ 'ਚ ਰੱਖ ਰਿਹਾ ਸੀ ਤਾਂ ਉਹ ਪੇਟੀ 'ਚੋਂ 90, 000 ਦੀ ਨਕਦੀ ਅਤੇ ਮੋਬਾਈਲ ਲੈ ਕੇ ਫ਼ਰਾਰ ਹੋ ਗਿਆ। ਉਨ੍ਹਾਂ ਦੱਸਿਆ ਕਿ ਕਥਿਤ ਦੋਸ਼ੀ ਨੂੰ ਕਾਬੂ ਕਰਕੇ ਉਸ ਵਿਰੁੱਧ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ ਅਤੇ ਹੋਰ ਪੁੱਛਗਿੱਛ ਕੀਤੀ ਜਾ ਰਹੀ ਹੈ।





ਆਵਾਜ਼ਿ ਕੌਮ AWAZE QAUM International Newspaper & WEB TV

# ਧਰਮ ਵਿੱਚ ਨਵੀ ਰੂਹ ਫੂਕੇ ਬਿਨਾਂ ਨਰੋਈ ਸਿੱਖ ਸਿਆਸਤ ਦੀ ਆਸ ਕਰਨੀ ਹੀ ਮੂਰਖਤਾ ਹੈ



ਅਮਰੀਕ ਸਿੰਘ
ਸ੍ਰੀ ਮੁਕਤਸਰ ਸਾਹਿਬ

ਸਿੱਖ ਇਤਿਹਾਸ ਦੇ ਸੁਨਹਿਰੀ ਪੰਨਿਆਂ ਦੇ ਨਾਲ-ਨਾਲ ਸਾਡੀ ਆਪਸੀ ਚੰਦਰੀ ਫੁੱਟ ਕਾਰਨ ਵਾਪਰੀਆਂ ਦਾਸਤਾਨਾਂ ਦਾ ਇਤਿਹਾਸ ਵੀ ਬਹੁਤ ਦਰਦਨਾਕ ਹੈ ।ਲਾਲਚਵੱਸ ਹੁਕਮਰਾਨਾਂ ਅਤੇ ਬ੍ਰਾਹਮਣੀ ਸੋਚ ਦੇ ਢਹੇ ਚੜ ਕੇ ਗੁਰ-ਪ੍ਰਵਾਰਾਂ ਵਿੱਚ ਵਾਪਰੇ ਦੁਖਾਂਤ ਅਤੇ ਦਸਮ ਪਾਤਸ਼ਾਹ ਦੇ ਵਿਛੋੜੇ ਤੋ ਬਾਅਦ ਬਾਬਾ ਬੰਦਾ ਸਿੰਘ ਬਹਾਦਰ ਨਾਲ ਆਪਣਿਆਂ ਵੱਲੋ ਕਮਾਏ ਗਏ ਧ੍ਰੋਹ ,ਰੂਹ ਨੂੰ ਕੰਬਣੀ ਛੇੜ ਦਿੰਦੇ ਹੈ ।ਡੋਗਰਿਆਂ ਨੇ ਮਹਾਰਾਜਾ ਖੜਕ ਸਿੰਘ ਅਤੇ ਕੰਵਰ ਨੌਨਿਹਾਲ ਸਿੰਘ ਵਿੱਚ ਆਪਸੀ ਫੁੱਟ ਪੈਦਾ ਕਰਕੇ ਆਪਣੀਆਂ ਸਾਜਿਸ਼ਾਂ ਆਰੰਭ ਕੀਤੀਆਂ ਸਨ ।ਧਿਆਨ ਸਿੰਘ ਡੋਗਰਾ ਜੋ ਚਾਪਲੂਸੀ ਅਤੇ ਦਗਾਬਾਜ਼ੀ ਵਿੱਚ ਮਾਹਿਰ ਸੀ ,ਉਸਨੇ ਮਹਾਰਾਜੇ ਦੇ ਜਿਉਂਦੇ ਜੀਅ ਸਿੱਖ ਰਾਜ ਦੀ ਬਰਬਾਦੀ ਦੀ ਸਾਜ਼ਿਸ਼ ਰਚ ਲਈ ਸੀ ।ਇਤਿਹਾਸ ਦਾ ਸਿਤਮ ਦੇਖੋ, ਮਹਾਰਾਜੇ ਨੇ ਮਰਨ ਵਕਤ ਏਸੇ ਦਗਾਬਾਜ਼,ਪਾਖੰਡੀ ਅਤੇ ਮਨ ਦੇ ਪਾਪੀ ਧਿਆਨ ਸਿੰਘ ਦੇ ਹੱਥ ਖੜਕ ਸਿੰਘ ਦੀ ਬਾਂਹ ਫੜਾਈ ਸੀ ।ਧਿਆਨ ਸਿੰਘ ਦੇ ਛਲ-ਕਪਟ ਦੀ ਮੁਹਾਰਤ ਦੇਖੋ ਕਿ ਇਸਨੇ ਮਹਾਰਾਜੇ ਦੀ ਚਿਖਾ ਵਿੱਚ ਤਿੰਨ ਵਾਰ ਛਾਲ ਮਾਰ ਕੇ ਸੜ ਮਰਨ ਦੀ ਕੋਸ਼ਿਸ਼ ਰੂਪੀ ਪਾਖੰਡ ਕੀਤਾ ਸੀ ।27 ਜੂਨ 1839 ਨੂੰ ਸ਼ੇਰੇ ਪੰਜਾਬ ਦੇ ਅੱਖਾਂ ਮੀਟਣ ਅਤੇ 2 ਅਪਰੈਲ 1849 ਨੂੰ ਬ੍ਰਿਟਿਸ਼ ਈਸਟ ਇੰਡੀਆ ਕੰਪਨੀ ਵਲੋਂ ਪੰਜਾਬ ਨੂੰ ਅੰਗਰੇਜ਼ ਹਕੂਮਤ ਵਿੱਚ ਮਿਲਾਉਣ ਦੇ ਕਰੀਬ ਦੱਸ ਸਾਲਾਂ ਦੇ ਸਮੇ ਨੂੰ ਗਦਾਰੀਆਂ ,ਬੁਰਛਾਗਰਦੀਆਂ ,ਆਪਹੁਦਰੀਆਂ ਅਤੇ ਸਾਜ਼ਿਸ਼ਾਂ ਦਾ ਯੁੱਗ ਆਖਿਆ ਜਾ ਸਕਦਾ ਹੈ ।

ਸਿੱਖ ਰਾਜ ਚਲਾ ਗਿਆ ,ਡੋਗਰੇ ਚਲੇ ਗਏ ।ਪਰ ਡੋਗਰਾ-ਬਿਰਤੀ ਅਤੇ ਟੋਡੀਪੁਣੇ ਨੇ ਸਿੱਖਾਂ ਵਿੱਚ ਪੱਕਾ ਘਰ ਕਰ ਲਿਆ ।ਸਿੱਖ ਰਾਜ ਜਾਣ ਤੋਂ ਬਾਅਦ ਕਰੀਬ 175 ਸਾਲਾਂ ਦੇ ਇਤਿਹਾਸ ਵਿੱਚ ਇਸ ਟੋਡੀਪੁਣੇ ਅਤੇ ਡੋਗਰਾ-ਬਿਰਤੀ ਨੇ ਸਿੱਖ ਆਗੂਆਂ ਦੀਆਂ ਸਿਆਸੀ ਮੂਰਖਤਾਈਆਂ ਅਤੇ ਸਿੱਖ ਮਾਨਸਿਕਤਾ ਵਿੱਚਲੀ ਬੁਰਛਾਗਰਦੀ ,ਆਪਹੁਦਰੇਪਣ ਅਤੇ ਉਲਾਰਪੁਣੇ ਨੂੰ ਵਰਤ ਕੇ ਸਿੱਖ ਕੌਮ ਨਾਲ ਵਾਰ-ਵਾਰ ਦਗੇ ਕਮਾਏ ਹਨ ।ਅਨੇਕਾਂ ਮੌਕੇ ਆਏ ਜਦੋ ਸਾਡੇ ਆਗੂ ਹੀ ਨਿੱਜਪ੍ਰਸਤੀਵੱਸ ਡੋਗਰਾ-ਬਿਰਤੀ ਅਤੇ ਟੋਡੀਪੁਣੇ ਦੇ ਸ਼ਿਕਾਰ ਹੋ ਗਏ ।ਇਤਿਹਾਸ ਵਿੱਚ ਅਜਿਹੇ ਮੌਕੇ ਵੀ ਆਏ ਕਿ ਆਗੂ ਖੁਦ ਤਾਂ ਇਮਾਨਦਾਰ ਰਹੇ ,ਪਰ ਆਪਣੇ ਚੌਗਿਰਦੇ ਵਿੱਚ ਧਿਆਨ ਸਿੰਘ,ਗੁਲਾਬ ਸਿੰਘ ,ਤੇਜਾ ਸਿੰਘ ਅਤੇ ਲਾਲ ਸਿੰਘ ਵਰਗਿਆਂ ਦਗਾਬਾਜ਼ ਚਾਪਲੂਸਾਂ ਦੀਆਂ ਚਾਲਾਂ ਦਾ ਸ਼ਿਕਾਰ ਹੋ ਕੇ ਕੌਮ ਲਈ ਵੱਡੀਆਂ ਨਾਮੋਸ਼ੀਆਂ ਦੇ ਕਾਰਨ ਸਾਬਤ ਹੋਏ ਹਨ ।ਇਹਨਾਂ ਪੌਣੇ ਦੋ ਸਦੀਆਂ ਵਿੱਚ ਅਨੇਕਾਂ ਅਜਿਹੇ ਮੌਕੇ ਆਏ ਜਦੋਂ ਕਿਸਮਤ ਨੇ ਸਾਡਾ ਦਰਵਾਜ਼ਾ ਵਾਰ-ਵਾਰ ਖੜਕਾਇਆ,ਪਰ ਉੱਪਰ ਜ਼ਿਕਰ ਕੀਤੀਆਂ ਸ਼ਖਸੀ ਅਤੇ ਸਮੂਹਿਕ ਕਮਜ਼ੋਰੀਆਂ ਕਰਕੇ ਸਾਨੂੰ ਵਾਰ-ਵਾਰ ਜ਼ਲਾਲਤ ਝੱਲਣੀ ਪਈ ।ਹਰ ਫੈਸਲਾਕੁਨ ਘੜੀ ਦੌਰਾਨ ਸਾਡੇ ਲਾਲਚ ਅਤੇ ਇਹ ਕਮਜ਼ੋਰੀਆਂ ਸਾਡੀ ਆਪਸੀ ਫੁੱਟ ਦਾ ਕਾਰਨ ਬਣੀਆਂ ਅਤੇ ਸਿਆਣਿਆਂ ਕਿਹਾ ਕਿ "ਜਿੱਥੇ ਕਲ-ਕਲੇਸ਼ ਵੱਸੇ,ਉੱਥੇ ਘੜਿਓ ਪਾਣੀ ਨੱਸੇ "।ਇਹੀ ਕਾਰਨ ਹੈ ਕਿ ਸਾਡੀ ਸਿਆਸੀ ਕਿਸਮਤ ਦੇ ਘੜੇ ਹਮੇਸ਼ਾ ਖਾਲੀ ਰਹੇ ।

ਸਿੱਖ ਸਿਆਸਤ ਵਿੱਚ ਬੀਤੇ ਪੰਜ ਦਹਾਕਿਆਂ ਦੌਰਾਨ ਆਪਣੇ ਸਰਗਰਮ ਰੋਲ ਦੌਰਾਨ ਜੋ ਮੈਂ ਦੇਖਿਆ ਅਤੇ ਹੰਢਾਇਆ,ਉਹ ਸਾਡੀ ਗ਼ੁਲਾਮੀ ਦੇ ਇਹਨਾਂ 175 ਸਾਲਾਂ ਦਾ ਸਭ ਤੋਂ ਕਾਲਾ ਦੌਰ ਆਖਿਆ ਜਾ ਸਕਦਾ ਹੈ ।ਮੇਰੀ ਆਪਣੀ ਪੀੜ੍ਹੀ ਤੋਂ ਬਾਅਦ ਪ੍ਰਵਾਨ ਵੜੀਆਂ ਦੋ ਹੋਰ ਪੀੜ੍ਹੀਆਂ ਵਿੱਚ ਸਿੱਖ ਇਖਲਾਕ ਪੜਾਅ ਦਰ ਪੜਾਅ ਨਿਵਾਣਾਂ ਵਿੱਚ ਜਾ ਰਿਹਾ ਹੈ ।ਬੀਤੇ ਤਿੰਨ ਦਹਾਕਿਆਂ ਵਿੱਚ ਹੋਏ ਪਦਾਰਥਵਾਦ ਦੇ ਹਮਲੇ ਨੇ ਸਿੱਖ ਇਖਲਾਕ ,ਸਿੱਖ ਸੱਭਿਆਚਾਰ ,ਸਿੱਖ ਕਦਰਾਂ-ਕੀਮਤਾਂ ਤੋ ਇਲਾਵਾ ਸਿੱਖ ਸਮਾਜ ਦੀ ਅਣਖ ਗੈਰਤ ਅਤੇ ਸਵੈਮਾਣ ਨੂੰ ਕਹਿਰ ਦਾ ਨੁਕਸਾਨ ਪਹੁੰਚਾਇਆ ਹੈ ।ਭਾਰਤੀ ਹੁਕਮਰਾਨ ਹਰ ਸਾਜਿਸ਼ੀ ਤੌਰ-ਤਰੀਕਾ ਅਪਨਾ ਕੇ ਸਿੱਖੀ ਦੀ ਹੋਂਦ ਅਤੇ ਹਸਤੀ ਉੱਤੇ ਹਮਲਾਵਰ ਹਨ ।ਸਾਡੀ ਇੱਕ ਧਿਰ ਟੋਡੀ ਅਤੇ ਡੋਗਰਾ ਬਿਰਤੀ ਤਹਿਤ ਹੁਕਮਰਾਨਾਂ ਦੀ ਧਿਰ ਬਣ ਚੁੱਕੀ ਹੈ ਅਤੇ ਸਟੇਟ ਖ਼ਿਲਾਫ਼ ਜੂਝਣ ਦਾ ਦਾਅਵਾ ਕਰਨ ਵਾਲੀ ਧਿਰ ਆਪਣੀਆਂ ਮੂਰਖਤਾਈਆਂ ਕਾਰਨ ਟੋਡੀਆਂ ਲਈ ਰਾਹ ਪੱਧਰਾ ਕਰਨ ਦਾ ਕਾਰਨ ਬਣ ਰਹੀ ਹੈ ।ਸਿੱਖਾਂ ਲਈ ਸਿਆਸਤ ਦਲ-ਦਲ ਬਣ ਚੁੱਕੀ ਹੈ ।ਮੀਰੀ-ਪੀਰੀ ਸਿਧਾਂਤ ਦੀ ਦੁਰਵਰਤੋਂ ਨੇ ਸਿੱਖ ਧਰਮ ਦੀ ਹੋਂਦ-ਹਸਤੀ ਅੱਗੇ ਸਵਾਲੀਆ ਨਿਸ਼ਾਨ ਲਾ ਦਿੱਤਾ ਹੈ ।ਅੱਜ ਲੋੜ ਹੈ ਕਿ ਧਰਮ ਤੋ ਹੀਣੇ ਸਿਆਤਨਦਾਨਾਂ ਅਤੇ ਡੇਰਾਧਾਰੀਆਂ ਤੋਂ ਧਰਮ ਨੂੰ ਆਜ਼ਾਦ ਕਰਵਾਇਆ ਜਾਵੇ ।ਸਿੱਖ ਧਰਮ ਵਿੱਚ ਨਵੀਂ ਰੂਹ ਫੂਕ ਕੇ ਹੀ ਨਰੋਈ ਸਿਆਸਤ ਦੀ ਬੁਨਿਆਦ ਰੱਖੀ ਜਾ ਸਕਦੀ ਹੈ ।

## ਬੈਚ ਨੰਬਰ 277 ਅਤੇ 278 ਦੇ ਨਵੇਂ ਕਾਂਸਟੇਬਲਾਂ ਦੀ ਪਾਸਿੰਗ ਆਊਟ ਪਰੇਡ ਅਤੇ ਸਹੁੰ ਸਮਾਰੋਹ ਹੋਇਆ





**ਹੁਸ਼ਿਆਰਪੁਰ, 21 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸਹਾਇਕ ਸਿਖਲਾਈ ਕੇਂਦਰ, ਸੀਮਾ ਸੁਰੱਖਿਆ ਬਲ, ਖੜਕਾ ਕੈਂਪ ਸ਼ਹੀਦ ਸਤਪਾਲ ਚੌਧਰੀ ਪਰੇਡ ਗਰਾਊਂਡ ਹੁਸ਼ਿਆਰਪੁਰ ਵਿੱਚ 21 ਫਰਵਰੀ 2026 ਨੂੰ (ਬੈਚ ਨੰਬਰ 277 ਅਤੇ 278) ਨਵੇਂ ਕਾਂਸਟੇਬਲਾਂ ਦੀ ਪਾਸਿੰਗ ਆਊਟ ਪਰੇਡ ਅਤੇ ਸਹੁੰ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਕੁੱਲ 458 ਨਵੇਂ ਕਾਂਸਟੇਬਲ ਪਾਸ ਆਊਟ ਹੋ ਕੇ ਦੇਸ਼ ਸੇਵਾ ਵਿੱਚ ਸ਼ਾਮਲ ਹੋਣਗੇ। ਸ੍ਰੀ ਸਤੀਸ਼ ਸ਼੍ਰੀਰਾਮਜੀ ਖੰਡਾਰੇ, ਭਾਰਤੀ ਪੁਲਿਸ ਸੇਵਾ, ਵਿਸ਼ੇਸ਼ ਮਹਾਨਿਰਦੇਸ਼ਕ, ਸੀਮਾ ਸੁਰੱਖਿਆ ਬਲ (ਪੱਛਮੀ ਕਮਾਂਡ) ਨੂੰ ਮੁੱਖ ਮਹਿਮਾਨ ਵਜੋਂ ਸ੍ਰੀ ਚਾਰੂ ਧਵਜ ਅਗਰਵਾਲ, ਆਈ.ਜੀ. ਸਹਾਇਕ ਸਿਖਲਾਈ ਕੇਂਦਰ ਖੜਕਾ ਵੱਲੋਂ ਸਵਾਗਤ ਕੀਤਾ ਗਿਆ। ਇਸ ਮੌਕੇ ਤੇ ਸਹਾਇਕ ਸਿਖਲਾਈ ਕੇਂਦਰ ਖੜਕਾ ਦੇ ਸਮੂਹ ਸਟਾਫ, ਉਨ੍ਹਾਂ ਦੇ ਪਰਿਵਾਰਕ ਮੈਂਬਰ, ਸਿਖਿਆਰਥੀਆਂ, ਬੀਐਸਐਫ ਦੇ ਰਿਟਾਇਰਡ ਅਧਿਕਾਰੀ ਤੇ ਇਨ੍ਹਾਂ ਨਵੇਂ ਕਾਂਸਟੇਬਲਾਂ ਦੇ ਪਰਿਵਾਰਕ ਮੈਂਬਰ, ਹੁਸ਼ਿਆਰਪੁਰ ਜ਼ਿਲ੍ਹੇ ਦੇ ਪਤਵੰਤੇ ਵਿਅਕਤੀ ਵੀ ਮੌਜੂਦ ਸਨ। ਪਰੇਡ ਵੱਲੋਂ ਮੁੱਖ ਮਹਿਮਾਨ ਨੂੰ ਜਨਰਲ ਸੈਲਿਊਟ ਨਾਲ ਸਨਮਾਨਿਤ ਕੀਤਾ ਗਿਆ ਅਤੇ ਮੁੱਖ ਮਹਿਮਾਨ ਨੇ ਪਰੇਡ ਦਾ ਨਿਰੀਖਣ ਕੀਤਾ। ਪਰੇਡ ਦੀ ਅਗਵਾਈ ਰਾਜਸਥਾਨ ਦੇ ਨਵੇਂ ਕਾਂਸਟੇਬਲ ਆਸ਼ੀਸ਼ ਚੌਹਾਨ ਨੇ ਕੀਤੀ। ਇੰਡੋਰ ਅਤੇ ਆਊਟਡੋਰ ਵਿਸ਼ਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਨਵੇਂ ਕਾਂਸਟੇਬਲਾਂ ਨੂੰ ਮੁੱਖ ਮਹਿਮਾਨ ਵੱਲੋਂ ਪਦਕਾਂ ਨਾਲ ਸਨਮਾਨਿਤ ਕੀਤਾ ਗਿਆ। ਨਵੇਂ ਕਾਂਸਟੇਬਲਾਂ ਨੂੰ ਸੰਬੋਧਨ ਕਰਦੇ ਹੋਏ ਮੁੱਖ ਮਹਿਮਾਨ ਨੇ ਪੂਰੇ ਦਿਲ ਨਾਲ ਪਰੇਡ ਦੌਰਾਂ ਉਨ੍ਹਾਂ ਦੇ ਆਤਮਵਿਸ਼ਵਾਸ, ਕੌਸ਼ਲ ਅਤੇ ਆਪਸੀ ਤਾਲਮੇਲ ਦੇ ਸ਼ਾਨਦਾਰ ਪ੍ਰਦਰਸ਼ਨ ਦੀ ਸ਼ਲਾਘਾ ਕੀਤੀ ਜੋ ਪਰੇਡ ਦੀ ਪਛਾਣ ਹੈ। ਉਨ੍ਹਾਂ ਨੇ ਬੀਐੱਸਐੱਫ ਨੂੰ ਕਰੀਅਰ ਵਿਕਲਪ ਵਜੋਂ ਚੁਣਨ ਲਈ ਨਵੇਂ ਕਾਂਸਟੇਬਲਾਂ ਦੀ ਸਰਾਹਨਾ ਕੀਤੀ।




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243